ਹੱਕ ਸੱਚ ਦੀ ਆਵਾਜ਼

ਫਤਿਹ ਟਾਈਮਜ਼

ਰੋਜ਼ਾਨਾ ਡਿਜੀਟਲ ਐਡੀਸ਼ਨ

ਮੁੱਖ ਸੰਪਾਦਕ ਸਰਬਜੋਤ ਸਿੰਘ ਸੰਧਾ | www.fatehtimesmedia.com | Email- fatehtimes1699@gmail.com

ਵਾਹਿਗੁਰੂ ਜੀ ਕਾ ਖਾਲਸਾ
ਵਾਹਿਗੁਰੂ ਜੀ ਕੀ ਫਤਿਹ ।।

ਮੁੱਖ ਸੰਪਾਦਕ
ਸਰਬਜੋਤ ਸਿੰਘ ਸੰਧਾ

ਰਜਿ ਨੰ : ਪੀ ਬੀ 22000167 | ਫਤਿਹਾਬਾਦ , ਬੁੱਧਵਾਰ 2 ਸਤੰਬਰ 2026 , ਨਾਨਕਸ਼ਾਹੀ 17 ਭਾਦੋਂ , ਸੰਮਤ 558 | ਸਾਲ: 5, ਅੰਕ 117 , ਪੰਨੇ: 4, ਮੁੱਲ: 4 ਰੁਪਏ

ਮੀਰੀ ਪੀਰੀ ਖਾਲਸਾ ਮਾਰਚ ਗੁਰਦੁਆਰਾ ਆਲਮਗੀਰ ਸਾਹਿਬ ਲੁਧਿਆਣਾ ਤੋਂ ਅਗਲੇ ਪੜਾਅ ਲਈ ਹੋਇਆ ਰਵਾਨਾ

ਫਤਿਹ ਟਾਈਮਜ਼

ਗਿਆਨੀ ਕੁਲਦੀਪ ਸਿੰਘ ਗੜਗੱਜ, ਗਿਆਨੀ ਟੇਕ ਸਿੰਘ, ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਭਰੀ ਹਾਜ਼ਰੀ

ਲੁਧਿਆਣਾ/ਅੰਮ੍ਰਿਤਸਰ, 1 ਸਤੰਬਰ (ਸੰਧਾ) ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਰੰਭ ਹੋਇਆ ਮੀਰੀ ਪੀਰੀ ਖਾਲਸਾ ਮਾਰਚ ਦੂਸਰੇ ਪੜਾਅ ਤਹਿਤ ਅੱਜ ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ, ਆਲਮਗੀਰ ਲੁਧਿਆਣਾ ਤੋਂ ਪੰਥਕ ਰਵਾਇਤਾਂ ਨਾਲ ਆਪਣੇ ਅਗਲੇ ਪੜਾਅ ਗੁਰਦੁਆਰਾ ਦੇਗਸਰ ਸਾਹਿਬ ਕਟਾਣਾ ਸਾਹਿਬ ਲੁਧਿਆਣਾ ਲਈ ਰਵਾਨਾ ਹੋਇਆ। ਖ਼ਾਲਸਾ ਮਾਰਚ ਦੀ ਆਰੰਭਤਾ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਰਹੀਆਂ। ਇਸ ਮੌਕੇ ਸਜੇ ਧਾਰਮਿਕ ਦੀਵਾਨ 'ਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ ਨੇ ਸੰਗਤਾਂ ਨਾਲ ਕਥਾ-ਵਿਚਾਰਾਂ ਦੀ ਸਾਂਝ ਪਾਈ ਅਤੇ ਗੁਰਮਤਿ ਅਨੁਸਾਰ ਜੀਵਨ ਜਿਊਣ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਿਰਜਨਾ ਕਰਕੇ ਸਿੱਖਾਂ ਨੂੰ ਮੀਰੀ ਪੀਰੀ ਦੇ ਸਿਧਾਂਤ ਨਾਲ ਜੋੜਿਆ ਹੈ। ਇਸੇ ਸਿਧਾਂਤ ਦੀ ਚੇਤਨਾ ਨੂੰ ਸੰਗਤਾਂ ਤੱਕ ਪਹੁੰਚਾਉਣ ਲਈ ਮੀਰੀ ਪੀਰੀ ਖ਼ਾਲਸਾ ਮਾਰਚ ਸਜਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਅੱਜ ਲੋੜ ਹੈ ਕਿ ਖ਼ਾਲਸਾ ਪੰਥ ਕੌਮੀ ਮਸਲਿਆਂ ਦੇ ਹੱਲ ਲਈ ਸ੍ਰੀ ਅਕਾਲ ਤਖ਼ਤ (ਬਾਕੀ ਸਫਾ 2 ਤੇ)

ਟੀਚਾ ਮਿੱਥ ਕੇ ਜ਼ਿੰਦਗੀ ਜੀਓ।

ਸਰਬਜੋਤ ਸਿੰਘ ਸੰਧਾ

ਫਤਿਹ ਟਾਈਮਜ਼ ਸੰਪਾਦਕੀ

ਮਨੁੱਖ ਕੁਦਰਤ ਦੀ ਬਣਾਈ ਉਹ ਸ਼ੈਅ ਹੈ ਜੋ ਮਰਿਆਦਾ ਚ ਰਹੇ ਤਾ ਵਿਕਾਸ ਹੁੰਦਾ ਤੇ ਜੇਕਰ ਮਰਿਆਦਾ ਤੋਂ ਬਾਹਰ ਹੋ ਜਾਵੇ ਫਿਰ ਵਿਨਾਸ਼ ਹੀ ਹੁੰਦਾ । ਇਨਸਾਨ ਆਪਣੀ ਜਿੰਦਗੀ ਵਿਚ ਕੁਝ ਨਾ ਕੁਝ ਕਰਨ ਲਈ ਹਮੇਸ਼ਾ ਤਰਲੋ ਮੱਛੀ ਹੁੰਦਾ ਰਹਿੰਦਾ ਹੈ ਪਰ ਜੇਕਰ ਉਸ ਨੇ ਕੋਈ ਟੀਚਾ ਨਹੀ ਮਿੱਥਿਆ ਤਾ ਉਸਦੀ ਸਾਰੀ ਘਾਲਣਾ ਵਿਅਰਥ ਚਲੇ ਜਾਂਦੀ ਹੈ ਕਿਉਂ ਕਿ ਉਸ ਨੇ ਕੋਈ ਟੀਚਾ ਨਹੀ ਮਿੱਥਿਆ ਹੁੰਦਾ। ਮੰਜਿਲਾਂ ਭਾਵੇਂ ਜਿੰਨੀਆਂ ਮਰਜੀ ਉੱਚੀਆਂ ਹੋਣ ਪਰ ਰਸਤੇ ਤਾਂ ਹਮੇਸ਼ਾਂ ਪੈਰਾਂ ਥੱਲੇ ਹੁੰਦੇ ਨੇ। ਇਨਸਾਨ ਮਿਹਨਤ ਕਰਕੇ ਕਿਸੇ ਵੀ ਟੀਚੇ ਨੂੰ ਹਾਸਲ ਕਰ ਸਕਦਾ ਹੈ ਹਾਂ ਉਸ ਇਨਸਾਨ ਵਲੋਂ ਆਪਣੇ ਟੀਚੇ ਦੀ ਪ੍ਰਾਪਤੀ ਤੱਕ ਸਖਤ ਮਿਹਨਤ ਕਰਦੇ ਰਹਿਣ ਦੀ ਲੋੜ ਹੁੰਦੀ ਹੈ । ਇਸ ਲਈ ਜਿੰਦਗੀ ਨੂੰ ਇਕੱਲਾ ਸਮਾਂ ਲੰਗਾਉਣ ਲਈ ਨਹੀ ਇਕ ਟੀਚਾ ਮਿੱਥ ਕੇ ਜੀਓ ਤਾ ਫਿਰ ਮਿਹਨਤ ਹਮੇਸ਼ਾ ਤੁਹਾਡਾ ਸਾਥੀ ਬਣ ਕੇ ਨਾਲ ਰਹੇਗੀ ।

ਸੰਯੁਕਤ ਕਿਸਾਨ ਮੋਰਚਾ ਪੰਜਾਬ ਵਲੋਂ ਦਿੱਤੇ 7 ਦਿਨਾਂ ਦੇ ਧਰਨੇ ਤੇ ਐਲਾਨ ਤੇ ਪੂਰੇ ਪੰਜਾਬ ਵਿਚੋਂ ਕਿਸਾਨ ਜਥੇਕਬੰਦੀਆਂ ਦੇ ਸੂਬਾ ਪ੍ਰਧਾਨਾ ਦੀ ਅਗਵਾਈ ਵਿਚ ਚੰਡੀਗੜ੍ਹ ਵਿਖੇ ਧਰਨਾਂ ਸ਼ੁਰੂ

ਫਤਿਹ ਟਾਈਮਜ਼

ਹਜਾਰਾਂ ਹੀ ਕਿਸਾਨ ਚੰਡੀਗੜ੍ਹ 48 ਸੀ ਸੈਕਟਰ ਵਿਚ ਪਹੁੰਚੇ

ਚੰਡੀਗੜ੍ਹ , 1 ਸਤੰਬਰ (ਵਿਸ਼ੇਸ਼ ਪ੍ਰਤੀਨਿਧ) ਭਾਰਤੀ ਕਿਸਾਨ ਯੂਨੀਅਨਾਂ ਜੋ ਸੰਯੁਕਤ ਕਿਸਾਨ ਮੋਰਚੇ ਦੇ ਅਧੀਨ ਕੰਮ ਕਰ ਰਹੀਆਂ ਹਨ ਆਪਣੀਆਂ ਮੰਗਾਂ ਨੂੰ ਲੈ ਕੇ ਹਜਾਰਾਂ ਦੀ ਤਦਾਦ ਵਿਚ ਕਿਸਾਨ ਚੰਡੀਗੜ੍ਹ ਦੇ 48 ਸੀ ਸੈਕਟਰ ਵਿਚ ਵੱਡੇ ਇਕੱਠ ਲੈ ਕੇ ਪਹੁਚੇ । ਇਸ ਤਰ੍ਹਾਂ ਜਿਲ੍ਹਾ ਫਿਰੋਜਪੁਰ ਅਤੇ ਬਲਾਕ ਮਖੂ ਤੋਂ ਹਜਾਰਾਂ ਕਿਸਾਨਾਂ ਦਾ ਵੱਡਾ ਕਾਫਲਾ ਲੈ ਕੇ ਸੂਬਾ ਪ੍ਰਧਾਨ ਸ੍ਰ ਫੁਰਮਾਨ ਸਿੰਘ ਸੰਧੂ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਪਰਗਟ ਸਿੰਘ ਲਹਿਰਾ ਦੀ ਅਗਵਾਈ ਵਿਚ ਕਿਸਾਨਾਂ ਦਾ ਜਥਾ ਚੰਡੀਗੜ੍ਹ ਪਹੁੰਚਾ। ਜਿਥੇ ਕਲ੍ਹ ਸਟੇਜ ਤੇ ਪੰਜਾਬ ਦੇ ਸੂਬਾ ਪ੍ਰਧਾਨ ਅਤੇ ਹੋਰ ਬੁਲਾਰੇ ਵੀ ਹਾਜਰੀ ਲਵਾਉਣਗੇ। ਕਿਸਾਨਾ ਦੀਆਂ ਮੰਗਾ ਤਾ ਬਹੁਤ ਹਨ ਪਰ ਇਸ ਵੇਲੇ ਸਭ ਤੋਂ ਵੱਡਾ ਮੁੱਦਾ ਪੰਜਾਬ ਦੇ ਪਾਣੀਆ ਦਾ ਹੈ ਜੋ ਕਿ ਜਿਹੜੇ ਵੀ ਭਾਰਤ ਦੇ ਸਟੇਟ ਵਿਚ ਜੋ ਖਣਜ ਪਦਾਰਥ ਜਿਵੇਂ, ਕੋਲਾ , ਪੱਥਰ, ਸੰਗਮਰਮਰ ਆਦਿ ਪੰਜਾਬ ਦੇ ਲੋਕਾਂ ਨੂੰ ਮੁੱਲ ਵੇਚਿਆ ਜਾ ਰਿਹਾ ਹੈ ਪੰਜਾਬ ਦਾ ਇਕੋ ਇਕ ਹੀ ਆਮਦਨ ਦਾ ਸਰੋਤ ਪਾਣੀ (ਬਾਕੀ ਸਫਾ 2 ਤੇ)

ਨਗਰ ਕੌਂਸਲ ਦੇ ਪ੍ਰਧਾਨ ਦੀ ਕੁਰਸੀ ਖ਼ਤਰੇ 'ਚ!

ਫਤਿਹ ਟਾਈਮਜ਼

ਮੁੱਲਾਂਪੁਰ ਦਾਖਾ, 1 ਸਤੰਬਰ (ਦਵਿੰਦਰ ਸਿੰਘ ਲੰਮੇ) ਨਗਰ ਕੌਂਸਲ ਮੁੱਲਾਂਪੁਰ ਦਾਖਾ ਦੇ ਅੰਦਰੂਨੀ ਹਾਲਾਤਾਂ ਦੀ ਘੋਖ ਪੜਤਾਲ ਕਰਨ ਤੋਂ ਪਤਾ ਲੱਗਾ ਹੈ ਕਿ ਪ੍ਰਧਾਨ ਦੀ ਕੁਰਸੀ ਡਗਮਗਾ ਰਹੀ ਹੈ ਅਤੇ ਭਰੋਸੇਯੋਗ ਸੂਤਰਾਂ ਅਨੁਸਾਰ ਖ਼ਤਰੇ ਵਿੱਚ ਵੀ ਹੈ। ਇੱਕ ਮਹਿਲਾ ਕੌਂਸਲਰ ਤਾਂ ਇੱਥੋਂ ਤੱਕ ਖਫਾ ਹੈ ਕਿ ਉਸਨੂੰ ਮਨਮਰਜ਼ੀਆਂ ਬਰਦਾਸ਼ਤ ਨਹੀਂ। ਉਸਦਾ ਕਹਿਣਾ ਹੈ ਕਿ ਬਹੁਗਿਣਤੀ ਕੌਂਸਲਰ ਪ੍ਰਧਾਨ ਦੀ ਕਾਰਗੁਜ਼ਾਰੀ ਤੋਂ ਖੁਸ਼ ਨਹੀਂ ਹਨ। ਭਾਵੇਂ ਪਿਛਲੇ ਦਿਨੀਂ ਕਾਂਗਰਸ ਪਾਰਟੀ ਨਾਲ ਸਬੰਧਤ ਕੌਂਸਲਰਾਂ ਨੇ ਨਗਰ ਕੌਂਸਲ ਖਿਲਾਫ ਰੋਸ ਪ੍ਰਦਰਸ਼ਨ ਕਰ ਕੇ ਕੁੱਝ ਭੜਾਸ ਕੱਢ ਲਈ ਸੀ ਪਰ ਅਸਲ ਵਿੱਚ ਉਹ ਪ੍ਰਦਰਸ਼ਨ ਨਗਰ ਕੌਂਸਲ ਖਿਲਾਫ ਨਹੀਂ ਸਗੋਂ ਹਕੀਕਤ ਵਿੱਚ ਪ੍ਰਧਾਨ ਖ਼ਿਲਾਫ਼ ਹੀ ਸੀ। ਕੌਂਸਲਰਾਂ ਦਾ ਕਹਿਣਾ ਸੀ ਕਿ ਉਹਨਾਂ ਦੇ ਵਾਰਡਾਂ ਅੰਦਰ ਵਿਕਾਸ ਕਾਰਜ ਸ਼ੁਰੂ ਨਹੀਂ ਕਰਵਾਏ ਜਾ ਰਹੇ ਪਰ ਈਓ ਨੇ ਸਾਰੇ ਕੌਂਸਲਰ ਹੀ ਇਹ ਕਹਿ ਕੇ ਕਟਿਹਰੇ ਵਿੱਚ ਖੜ੍ਹੇ ਕਰ ਦਿੱਤੇ ਸਨ, ਕਿ ਉਹ ਖੁਦ ਹੀ ਵਿਕਾਸ ਕਾਰਜਾਂ ਲਈ ਅੜਿੱਕਾ ਡਾਹੁੰਦੇ ਹਨ। ਅਤੀ ਭਰੋਸੇਯੋਗ ਸੂਤਰਾਂ ਅਨੁਸਾਰ ਹੁਣ ਕਾਂਗਰਸ ਦੇ ਕੌਂਸਲਰਾਂ ਦੇ ਨਾਲ ਵਿਰੋਧੀ ਧਿਰ ਦੇ ਕੌਂਸਲਰਾਂ ਨੇ ਵੀ ਇਸ (ਬਾਕੀ ਸਫਾ 2 ਤੇ)

ਸ਼੍ਰੋਮਣੀ ਅਕਾਲੀ ਦਲ ਵੱਲੋਂ ਸਾਬਕਾ ਚੈਅਰਮੈਨ ਗੁਰਸੇਵਕ ਸਿੰਘ ਸ਼ੇਖ ਪੰਥਕ ਲੋਕ ਸਭਾ ਹਲਕਾ ਖਡੂਰ ਸਾਹਿਬ ਤੋਂ ਇੰਚਾਰਜ ਨਿਯੁਕਤ

ਫਤਿਹ ਟਾਈਮਜ਼

ਸ੍ਰ ਗੁਰਸੇਵਕ ਸਿੰਘ ਸ਼ੇਖ ਨੂੰ ਲੋਕ ਸਭਾ ਹਲਕਾ ਖਡੂਰ ਸਾਹਿਬ ਦਾ ਇੰਚਾਰਜ ਅਤੇ ਯੂਥ ਅਕਾਲੀ ਦਲ ਦਾ ਵਰਕਿੰਗ ਸੂਬਾ ਪ੍ਰਧਾਨ ਪੰਜਾਬ ਨਿਯੁਕਤ

ਚੰਡੀਗੜ੍ਹ, 1 ਸਤੰਬਰ (ਸੰਧਾ) ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸ ਸੁਖਬੀਰ ਸਿੰਘ ਬਾਦਲ ਵੱਲੋਂ 2027 ਦੀਆਂ ਚੋਣਾਂ ਤੋਂ ਪਹਿਲਾਂ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਤੋਂ ਸੀਨੀਅਰ ਅਕਾਲੀ ਆਗੂ ਤੇ ਸਾਬਕਾ ਚੈਅਰਮੈਨ ਸ੍ਰ ਗੁਰਸੇਵਕ ਸਿੰਘ ਸ਼ੇਖ ਨੂੰ ਲੋਕ ਸਭਾ ਹਲਕਾ ਖਡੂਰ ਸਾਹਿਬ ਦਾ ਇੰਚਾਰਜ ਅਤੇ ਯੂਥ ਅਕਾਲੀ ਦਲ ਦਾ ਵਰਕਿੰਗ ਸੂਬਾ ਪ੍ਰਧਾਨ ਪੰਜਾਬ ਨਿਯੁਕਤ ਕੀਤੇ ਜਾਣ ਤੇ ਸਮੁੱਚੇ ਹਲਕੇ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ। ਇਸ ਮੌਕੇ ਹਲਕੇ ਦੇ ਅਕਾਲੀ ਆਗੂਆਂ,ਵਰਕਰਾਂ ਤੇ ਨੌਜਵਾਨਾਂ ਨੇ ਪ੍ਰਧਾਨ ਸੁਖਬੀਰ ਸਿੰਘ ਬਾਦਲ,ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਸਮੇਤ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਹਲਕਾ ਇੰਚਾਰਜ ਲੱਗਣ ਤੇ ਗੁਰਸੇਵਕ ਸਿੰਘ ਸ਼ੇਖ ਦੀ ਅਗਵਾਈ ਹੇਠ ਪੰਥਕ ਲੋਕ ਸਭਾ ਹਲਕਾ ਖਡੂਰ ਸਾਹਿਬ ਵਿੱਚ ਫਿਰ ਤੋਂ ਅਕਾਲੀ ਦਲ ਦਾ ਝੰਡਾ ਬੁਲੰਦ ਹੋਵੇਗਾ। ਜ਼ਿਕਰਯੋਗ ਹੈ ਕਿ ਪਾਰਟੀ ਪ੍ਰਧਾਨ ਸ੍ਰ ਬਾਦਲ ਵੱਲੋਂ ਹਲਕਾ ਖਡੂਰ ਸਾਹਿਬ ਤੋਂ ਗੁਰਸੇਵਕ ਸਿੰਘ ਸ਼ੇਖ ਨੂੰ ਇੰਚਾਰਜ ਨਿਯੁਕਤ ਕਰਨ ਦਾ ਸਹੀ ਸਮੇਂ ਤੇ ਲਿਆ ਗਿਆ ਫੈਸਲਾ ਬਿਲਕੁਲ ਦਰੁਸਤ ਹੈ। ਕਿਉਂਕਿ ਗੁਰਸੇਵਕ ਸਿੰਘ ਸ਼ੇਖ ਅਕਾਲੀ ਦਲ ਦੇ ਯੂਥ ਜ਼ਿਲਾ ਪ੍ਰਧਾਨ ਤਰਨ ਤਾਰਨ ਅਤੇ ਬਤੌਰ ਚੈਅਰਮੈਨ ਬੜੇ ਲੰਮੇ ਸਮੇਂ ਤੋਂ ਅਕਾਲੀ ਦਲ ਪਾਰਟੀ ਦੀ ਮਜ਼ਬੂਤੀ ਲਈ ਖਡੂਰ ਸਾਹਿਬ ਹਲਕੇ ਵਿੱਚ ਵਿਚਰਦੇ ਆ ਰਹੇ ਹਨ ਅਤੇ ਅਕਾਲੀ ਆਗੂਆਂ ਵਰਕਰਾਂ ਤੇ ਨੌਜਵਾਨ ਵਰਗ ਦਾ ਵੱਡਾ ਸਮਰਥਨ ਰੱਖਦੇ ਹਨ।

LIC ਭਾਰਤੀਯ ਜੀਵਨ ਬੀਮਾ ਨਿਗਮ LIFE INSURANCE CORPORATION OF INDIA

ਬੀਮਾ ਸੇਵਾ ਕੇਂਦਰ

ਬੱਚਿਆਂ ਲਈ ਐਜੂਕੇਸ਼ਨ ਬੀਮਾ ਪੌਲਸੀ,
ਲੜਕੀਆਂ ਲਈ ਕੰਨਿਆਦਾਨ ਪੌਲਸੀ,
ਬੁਢਾਪਾ ਪੈਨਸ਼ਨ ਸਕੀਮ,ਮਨੀ ਬੈੱਕ ਪੌਲਸੀ,
ਰੋਜ਼ਾਨਾ ਬਚਤ ਪੌਲਸੀ,ਕਰੋੜਪਤੀ ਸਕੀਮ।

ਡੈਂਥ ਕਲੇਮ,ਮਚਿਉਰਟੀ ਜਾ ਫਿਰ ਹੋਰ
ਐਲ ਆਈ ਸੀ ਸੇਵਾ ਲਈ ਸੰਪਰਕ ਕਰੋ:
ਐਸ ਐਸ ਸੰਧਾ ਮੋ:9988537575

ਅਖਬਾਰਾਂ ਵਿਚ ਨਾਮ ਬਦਲੀ,ਬੇਦਖਲੀ ਨੋਟਿਸ,ਟਿਊਬਵੈਲ
ਕੁਨੈਕਸ਼ਨ ਅਤੇ ਹੋਰ ਇਸ਼ਤਿਹਾਰ ਦੇਣ ਵੀ ਲਈ ਸੰਪਰਕ ਕਰੋ।

ਸਫਾ 1 ਦੀ ਬਾਕੀ

ਸੰਯੁਕਤ ਕਿਸਾਨ ਮੋਰਚਾ ਪੰਜਾਬ ਵਲੋਂ ਦਿੱਤੇ 7 ਦਿਨਾਂ ਦੇ ਧਰਨੇ ਤੇ..

ਫਤਿਹ ਟਾਈਮਜ਼ ਹੈ, ਜੋ ਅੰਗਰੇਜਾ ਵੇਲੇ ਤਾਂ ਮੁੱਲ ਲੈਦੇਂ ਸਲ ਪਰ 1966 ਤੋਂ ਬਾਅਦ ਪੰਜਾਬ ਦਾ ਪਾਣੀ ਬਿਲਕੁਲ ਫਰੀ ਬਾਕੀ ਸਟੇਟ ਲੈ ਰਹੇ ਹਨ। ਪੰਜਾਬ ਵਿਚ ਲੈਂਡ ਪੂਲਿੰਗ ਪੌਲਸੀ ਦੁਬਾਰਾ ਲਾਗੂ ਕਰਨ ਜਾ ਰਹੀ ਹੇ ਸਰਕਾਰ ਜਿਸ ਨੂੰ ਰੱਦ ਕਰਾਉਣਾ ਬਹੁਤ ਜਰੂਰੀ ਹੈ ,ਸਾਰੀਆਂ ਫਸਲਾਂ ਦਾ ਐਮ ਐਸ ਪੀ ਦੇ ਅਧਾਰ ਮੁੱਲ ਲੈਣਾ ਅਤੇ ਖਾਸ ਕਰਕੇ ਅਮਰੀਕਾ ਨਾਲ ਭਾਰਤ ਦੀ ਡੀਲ ਸਮਝੌਤਾ ਰੱਦ ਕਰਾਉਣਾ, ਅਤੇ ਹੋਰ ਵੀ ਬਹੁਤ ਸਾਰੀਆਂ ਮੰਗਾਂ ਹਨ ਜਿਸ ਨੂੰ ਲੈ ਕੇ ਪੰਜਾਬ ਦੇ ਕਿਸਾਨ ਮੈਦਾਨ ਵਿਚ ਨਿੱਤਰੇ ਹਨ ਐਤ ਹੱਲ ਕਰਾਉਣ ਲਈ 7 ਦਿਨਾਂ ਦਾ ਅਲਟੀਮੇਟਮ ਸਰਕਾਰ ਨੂੰ ਦਿੱਤਾ ਹੈ ਜੇ ਸਰਕਾਰਾਂ ਟੱਸ ਤੋਂ ਮੱਸ ਨਾ ਹੋਈਆਂ ਤਾਂ ਅਗਲਾ ਐਕਸ਼ਨ ਕਿਸਾਨਾਂ ਦਾ ਬਹੁਤ ਵੱਡਾ ਹੋਵੇਗਾ। ਇਸ ਮੌਕੇ ਸਰਪ੍ਰਸਤ ਪੰਜਾਬ ਗੁਰਦੇਵ ਸਿੰਘ ,ਮੀਤ ਪ੍ਰਧਾਨ ਜੋਗਿੰਦਰ ਸਿੰਘ ਸਭਰ੍ਹਾ, ਕੋਰ ਕਮੇਟੀ ਮੈਂਬਰ ਪਰਗਟ ਸਿੰਘ ਲਹਿਰਾ, ਗੁਰਵਿੰਦਰ ਸਿੰਘ ਢਿਲੋਂ, ਬਲਦੇਵ ਸਿੰਘ ਵਾਂਈਆਂ, ਗੁਰਚਰਨ ਸਿੰਘ ਪੀਰ ਮੁਹੰਮਦ,ਗੁਰਮੀਤ ਸਿੰਘ ਨਿਜਾਮੀਵਾਲਾ, ਸ਼ਬੇਗ ਸਿੰਘ ਪ੍ਰੈਸ ਸਕਤਰ,ਨਿਸ਼ਾਂਨ ਸਿੰਘ ਬਲਾਕ ਪ੍ਰਧਾਂਨ , ਗੁਰਮੀਤ ਸਿੰਘ ਇਕਾਈ ਪ੍ਰਧਾਂਨ ਸ਼ੀਹਾਂ ਪਾੜੀ, ਅਵਨਿੰਦਰ ਸਿੰਘ, ਸੁਖਵਿੰਦਰ ਸਿੰਘ, ਰਛਪਾਲ ਸਿੰਘ, ਬਲਵਿੰਦਰ ਸਿੰਘ, ਬਲਵੰਤ ਸਿੰਘ, ਕੂਕਾ ਸਾਹਬ,ਦਿਲਬਾਗ ਸਿੰਘ ਵਰਪਾਲਾਂ, ਇਕਾਈ ਪ੍ਰਧਾਂਨ ਸੂਰਤ ਸਿੰਘ,ਬਾਜ ਸਿੰਘ ,ਫੂਲਾ ਸਿੰਘ ਤਲਵੰਡੀ ਨਿਪਾਲਾ,ਦਰਬਾਰਾ ਸਿੰਘ ਚਾਂਭ , ਨਿਸ਼ਾਂਨ ਸਿੰਘ ਵਰਪਾਲਾ,ਸੁਖਵਿੰਦਰ ਸਿੰਘ ਫੌਜੀ, ਰੇਸ਼ਮ ਸਿੰਘ ਨੰਬਰਦਾਰ,ਟਹਿਲ ਸਿੰਘ ਮੌਜ ਗੜ੍ਹ, ਅਮਰਜੀਤ ਸਿੰਘ ਨਿਜਾਮੀਵਾਲਾ,ਜੋਗਾ ਸਿੰਘ,ਗੁਰਪ੍ਰੀਤ ਸਿੰਘ ਪੀਰਮੁਹੰਮਦ, ਕੁਲਦੀਪ ਸਿੰਘ ਕਾਲੂ ਮੰਡਾਰ ਅਤੇ ਬੀਬੀਆਂ ਤੇ ਹੋਰ ਬਹੁਤ ਸਾਰੇ ਕਿਸਾਨ ਹਾਜਰ ਸਨ।

ਸਫਾ 1 ਦੀ ਬਾਕੀ

ਨਗਰ ਕੌਂਸਲ ਦੇ ਪ੍ਰਧਾਨ ਦੀ ਕੁਰਸੀ ਖ਼ਤਰੇ 'ਚ !

ਫਤਿਹ ਟਾਈਮਜ਼ ਮੁੱਦੇ ਉੱਤੇ ਹਰੀ ਝੰਡੀ ਦਿਖਾ ਦਿੱਤੀ ਹੈ ਅਤੇ ਧਮਾਕਾ ਕਿਸੇ ਵੀ ਸਮੇਂ ਸੰਭਵ ਹੈ। ਜੇਕਰ ਮੌਜੂਦਾ ਪ੍ਰਧਾਨ ਨੂੰ ਕੁਰਸੀ ਤੋਂ ਲਾਂਭੇ ਕਰ ਦਿੱਤਾ ਜਾਂਦਾ ਹੈ ਤਾਂ ਆਉਣ ਵਾਲੀਆਂ ਵਿਧਾਨ ਚੋਣਾ ਵਿੱਚ ਕਾਂਗਰਸੀ ਉਮੀਦਵਾਰ ਲਈ ਸ਼ਹਿਰ ਅੰਦਰ ਸ਼ੁੱਭ ਸੰਕੇਤ ਨਹੀਂ ਹੋਵੇਗਾ। ਇਹ ਵੀ ਪਤ ਲਗਾ ਕਿ ਹਲਕੇ ਦੇ ਪ੍ਰਮੁੱਖ ਪਾਰਟੀਆਂ ਦੇ ਆਗੂ ਇਸ ਮਾਮਲੇ ਦੀ ਨੇੜਿਓ ਤਿਰਛੀ ਨਜਰ ਰੱਖ ਰਹੇ ਹਨ।

ਅਦਾਰਾ ਫਤਿਹ ਟਾਈਮਜ਼ ਦੀ ਪੰਜਵੀਂ ਵਰ੍ਹੇਗੰਢ ਮੌਕੇ ਵਿਸ਼ੇਸ਼ ਇਸ਼ਤਿਹਾਰ

ਅਦਾਰਾ ਫਤਿਹ ਟਾਈਮਜ਼ ਦੀ ਪੰਜਵੀਂ ਵਰ੍ਹੇਗੰਢ ਮੌਕੇ ਵਿਸ਼ੇਸ਼ ਇਸ਼ਤਿਹਾਰ
ਪ੍ਰਕਾਸ਼ਿਤ ਕੀਤੇ ਜਾ ਰਹੇ ਹਨ ਇਸ਼ਤਿਹਾਰ ਦੇਣ ਲਈ ਹੇਠ
ਦਿੱਤੇ ਨੰਬਰ ਤੇ ਸੰਪਰਕ ਕਰੋ।
ਮੋ:99885-37575

ਸਫਾ 1 ਦੀ ਬਾਕੀ

ਮੀਰੀ ਪੀਰੀ ਖਾਲਸਾ ਮਾਰਚ ਗੁਰਦੁਆਰਾ ਆਲਮਗੀਰ ਸਾਹਿਬ ਲੁਧਿਆਣਾ ਤੋਂ ਅਗਲੇ....

ਫਤਿਹ ਟਾਈਮਜ਼ ਸਾਹਿਬ ਦੀ ਸਰਪ੍ਰਸਤੀ ਹੇਠ ਇਕਜੁੱਟ ਹੋਵੇ। ਉਨ੍ਹਾਂ ਬੰਦੀ ਸਿੰਘਾਂ ਦੀ ਗੱਲ ਕਰਦਿਆਂ ਕਿਹਾ ਕਿ ਭਾਈ ਬਲਵੰਤ ਸਿੰਘ ਰਾਜੋਆਣਾ ਲੰਮੇ ਸਮੇਂ ਤੋਂ ਫਾਂਸੀ ਦੀ ਚੱਕੀ ਵਿਚ ਨਜ਼ਰਬੰਦ ਹੈ ਅਤੇ ਸਰਕਾਰ ਵੱਲੋਂ ਉਸ ਦੇ ਕੇਸ ਸਬੰਧੀ ਫੈਸਲਾ ਨਹੀਂ ਕੀਤਾ ਜਾ ਰਿਹਾ ਹੈ। ਭਾਈ ਜਗਤਾਰ ਸਿੰਘ ਹਵਾਰਾ ਨੂੰ ਆਪਣੀ ਬਿਮਾਰ ਮਾਂ ਨੂੰ ਮਿਲਣ ਲਈ ਪੈਰੋਲ ਤੱਕ ਨਹੀਂ ਦਿੱਤੀ ਜਾ ਰਹੀ। ਬੰਦੀ ਸਿੰਘਾਂ ਦੀ ਰਿਹਾਈ ਲਈ ਕੌਮ ਵੱਲੋਂ ਉਠਾਈ ਜਾ ਰਹੀ ਆਵਾਜ਼ ਪ੍ਰਤੀ ਸਰਕਾਰ ਵੱਲੋਂ ਅਪਨਾਈ ਜਾ ਰਹੀ ਪਹੁੰਚ ਵੀ ਬੇਗਾਨਗੀ ਦਾ ਅਹਿਸਾਸ ਦਵਾਉਣ ਵਾਲੀ ਹੈ, ਜੋ ਸਿੱਖਾਂ ਨਾਲ ਵੱਡੀ ਬੇਇਨਸਾਫ਼ੀ ਹੈ। ਉਨ੍ਹਾਂ ਕਿਹਾ ਕਿ ਜਿਵੇਂ ਪੁਰਾਣੇ ਸਮੇਂ ਕੌਮੀ ਮਾਮਲਿਆਂ ਤੇ ਸਿੱਖ ਮਿਸਲਾਂ ਆਪਸੀ ਵਖਰੇਵੇਂ ਭੁਲ ਕੇ ਇਕ ਹੁੰਦੀਆਂ ਸਨ, ਅੱਜ ਕੌਮ ਨੂੰ ਦਰਪੇਸ਼ ਚੁਣੌਤੀਆਂ ਦੇ ਸਾਹਮਣੇ ਲਈ ਇਕਜੁਟ ਹੋਣਾ ਸਮੇਂ ਦੀ ਵੱਡੀ ਲੋੜ ਹੈ। ਉਨ੍ਹਾਂ ਮਾਪਿਆਂ ਨੂੰ ਵੀ ਅਪੀਲ ਕੀਤੀ ਕਿ ਆਪਣੇ ਬੱਚਿਆਂ ਨੂੰ ਗੁਰਬਾਣੀ ਅਤੇ ਗੁਰ-ਇਤਿਹਾਸ ਨਾਲ ਜੋੜਨ, ਤਾਂ ਜੋ ਉਹ ਮਾੜੀ ਸੰਗਤ ਤੋਂ ਦੂਰ ਰਹਿਣ ਅਤੇ ਨਸ਼ਿਆਂ ਵਰਗੀ ਬਿਮਾਰੀ ਤੋਂ ਬਚ ਸਕਣ।

ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ

ਕੌਮ ਦੇ ਸਾਹਮਣੇ ਕਈ ਵਾਰ ਔਖੇ ਸਮੇਂ ਆਏ ਪਰ ਖ਼ਾਲਸਾ ਪੰਥ ਨੇ ਗੁਰੂ 'ਤੇ ਭਰੋਸਾ ਰੱਖ ਕੇ ਹਮੇਸ਼ਾ ਚੜ੍ਹਦੀ ਕਲਾ ਵਿਚ ਸਾਹਮਣਾ ਕੀਤਾ। ਉਨ੍ਹਾਂ ਕਿਹਾ ਕਿ ਅੱਜ ਸਭ ਤੋਂ ਵੱਡੀ ਚੁਣੌਤੀ ਜਿਥੇ ਸਮਾਜ ਅੰਦਰ ਵਧ ਰਹੇ ਨਸ਼ੇ ਹਨ, ਉਥੇ ਹੀ ਪੰਥ ਵਿਰੋਧੀ ਤਾਕਤਾਂ ਸਿੱਖ ਸਿਧਾਂਤਾਂ ਨੂੰ ਕਮਜ਼ੋਰ ਕਰਨ ਲਈ ਲਗਾਤਾਰ ਯਤਨਸ਼ੀਲ ਹਨ। ਉਨ੍ਹਾਂ ਕਿਹਾ ਕਿ ਜਿਹੜੇ ਲੋਕ ਗੁਰੂ ਦੀਆਂ ਗੋਲਕਾਂ ਜਾਂ ਗੁਰੂ ਘਰ ਦੀਆਂ ਸੇਵਾਵਾਂ ਬਾਰੇ ਸੰਗਤ ਵਿਚ ਬੇਲੋੜੇ ਸ਼ੰਕੇ ਪੈਦਾ ਕਰਦੇ ਹਨ, ਅਜਿਹੀ ਸੋਚ ਵਾਲਿਆਂ ਤੋਂ ਸੁਚੇਤ ਰਹਿਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਧਰਤੀ ਨੂੰ ਸੰਭਾਲਣਾ ਵੀ ਸਾਡੀ ਸਾਂਝੀ ਜ਼ੁੰਮੇਵਾਰੀ ਹੈ। ਉਨ੍ਹਾਂ ਵਿਦੇਸ਼ ਰਹਿ ਰਹੇ ਪਰਿਵਾਰਾਂ ਨੂੰ ਪੰਜਾਬ ਵਿੱਚੋਂ ਜਾਇਦਾਦਾਂ ਨਾ ਵੇਚਣ ਲਈ ਆਖਦਿਆਂ ਕਿਹਾ ਕਿ ਪੰਜਾਬ ਨੂੰ ਪੱਕੇ ਤੌਰ 'ਤੇ ਛੱਡਣ ਬਾਰੇ ਨਾ ਸੋਚੀਏ। ਆਪਣੀ ਬੋਲੀ, ਆਪਣੀ ਵਿਰਾਸਤ ਅਤੇ ਨੌਜੁਆਨੀ ਨੂੰ ਬਚਾਉਣਾ ਸਾਡਾ ਸਾਂਝਾ ਫ਼ਰਜ਼ ਹੈ।

ਮੀਰੀ ਪੀਰੀ ਖਾਲਸਾ ਮਾਰਚ ਪ੍ਰਤੀ ਸੰਗਤ ਅੰਦਰ ਵੱਡਾ ਉਤਸ਼ਾਹ ਹੈ। ਵੱਖ-ਵੱਖ ਪੜਾਵਾਂ 'ਤੇ ਸੰਗਤਾਂ ਨੇ ਖ਼ਾਲਸਾ ਮਾਰਚ ਦਾ ਭਰਵਾਂ ਸਵਾਗਤ ਕਰਦਿਆਂ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ। ਲੁਧਿਆਣਾ ਵਿਖੇ ਨੌਜੁਆਨਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਸਬੰਧੀ ਤਖ਼ਤੀਆਂ ਲੈ ਕੇ ਮੋਟਰਸਾਈਕਲਾਂ 'ਤੇ ਖ਼ਾਲਸਾ ਮਾਰਚ ਵਿਚ ਸ਼ਮੂਲੀਅਤ ਕੀਤੀ। ਇਸ ਦੌਰਾਨ ਨੌਜੁਆਨ ਜਿਥੇ ਸਾਬਤ ਸੂਰਤ ਹੋਣ ਦਾ ਪ੍ਰਣ ਕਰ ਰਹੇ ਹਨ, ਉਥੇ ਹੀ ਨਸ਼ਿਆਂ ਤੋਂ ਦੂਰ ਰਹਿਣ ਲਈ ਵੀ ਤਿਆਰ ਹੋ ਰਹੇ ਹਨ। ਖ਼ਾਲਸਾ ਮਾਰਚ ਨਾਲ ਚਲ ਰਹੀ ਗੁਰੂ ਸਾਹਿਬਾਨ ਦੇ ਇਤਿਹਾਸਕ ਸ਼ਸਤਰਾਂ ਵਾਲੀ ਬੱਸ ਪ੍ਰਤੀ ਵੀ ਸੰਗਤਾਂ ਅੰਦਰ ਵੱਡਾ ਉਤਸ਼ਾਹ ਸੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਮੈਂਬਰ ਸ. ਸੁਖਜੀਤ ਸਿੰਘ ਕਾਦੀਆਂ, ਸ. ਪ੍ਰਿਤਪਾਲ ਸਿੰਘ ਪਾਲੀ, ਸ. ਰਘਬੀਰ ਸਿੰਘ ਸਹਾਰਨਮਾਜਰਾ, ਸ. ਚਰਨ ਸਿੰਘ ਆਲਮਗੀਰ, ਸ. ਕੇਵਲ ਸਿੰਘ ਬਾਦਲ, ਬੀਬੀ ਰਜਿੰਦਰ ਕੌਰ, ਸਾਬਕਾ ਮੰਤਰੀ ਸ. ਹੀਰਾ ਸਿੰਘ ਗਾਬੜੀਆ, ਸੀਨੀਅਰ ਅਕਾਲੀ ਆਗੂ ਸ. ਮਹੇਸ਼ਇੰਦਰ ਸਿੰਘ ਗਰੇਵਾਲ, ਸਾਬਕਾ ਐਮਪੀ ਸ. ਰਣਜੀਤ ਸਿੰਘ ਢਿੱਲੋਂ, ਹਲਕਾ ਇੰਚਾਰਜ ਸ. ਹਰਪ੍ਰੀਤ ਸਿੰਘ, ਹਲਕਾ ਇੰਚਾਰਜ ਨਕੋਦਰ ਸ. ਰਾਜਕੰਵਲ ਸਿੰਘ, ਸ. ਸੁਖਦਰਸ਼ਨ ਸਿੰਘ, ਜ਼ਿਲ੍ਹਾ ਪ੍ਰਧਾਨ ਸ. ਭੁਪਿੰਦਰ ਸਿੰਘ ਜਿੰਦਾ, ਸ. ਗੁਰਚਰਨ ਸਿੰਘ ਗੋਗੀ, ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਵਧੀਕ ਸਕੱਤਰ ਸ. ਭਗਵੰਤ ਸਿੰਘ ਧੰਗੇੜਾ, ਬਾਬਾ ਅਨਹਦ ਨਾਦ ਸਿੰਘ ਲੁਧਿਆਣਾ, ਬਾਬਾ ਹਰਿੰਦਰ ਸਿੰਘ, ਗਿਆਨੀ ਗੁਰਬਖ਼ਸ਼ ਸਿੰਘ ਯੂਕੇ, ਬਾਬਾ ਭੁਪਿੰਦਰ ਸਿੰਘ, ਮਾਤਾ ਵਿਪਨਪ੍ਰੀਤ ਕੌਰ, ਸ. ਚੰਦ ਸਿੰਘ ਡੱਲਾ, ਸ. ਗੁਰਜੀਤ ਸਿੰਘ ਲਹਿਰਾ, ਮੈਨੇਜਰ ਸ. ਸਰਬਦਿਆਲ ਸਿੰਘ, ਸ. ਗੁਰਚਰਨ ਸਿੰਘ, ਇੰਚਾਰਜ ਸ. ਗੁਰਭਾਗ ਸਿੰਘ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਮੌਜੂਦ ਸਨ।

ਖੇਡ ਮੈਦਾਨ ਵਿੱਚ ਗੁਰੂ ਅਮਰ ਦਾਸ ਸੀਨੀਅਰ ਸੈਕੰਡਰੀ ਸਕੂਲ, ਗੋਇੰਦਵਾਲ ਸਾਹਿਬ ਦਾ ਪਰਚਮ – ਅੰਡਰ-17 ਬਾਸਕਿਟਬਾਲ ਵਿੱਚ ਦੂਜਾ ਸਥਾਨ

ਫਤਿਹ ਟਾਈਮਜ਼ ਟੀਮ ਦੇ ਖਿਡਾਰੀਆਂ ਨੇ ਪੂਰੇ ਜੋਸ਼, ਅਨੁਸ਼ਾਸਨ ਅਤੇ ਖੇਡ ਭਾਵਨਾ ਨਾਲ ਮੁਕਾਬਲਿਆਂ ਵਿੱਚ ਭਾਗ ਲਿਆ

ਸ੍ਰੀ ਗੋਇੰਦਵਾਲ ਸਾਹਿਬ , 1 ਸਤੰਬਰ (ਐਸ ਐਸ ਸੰਧਾ/ਦਿਲਬਾਗ ਸਿੰਘ) ਜ਼ਿਲ੍ਹਾ ਪੱਧਰੀ ਪੰਜਾਬ ਸਕੂਲ ਖੇਡ ਮੁਕਾਬਲਿਆਂ ਵਿੱਚ ਗੁਰੂ ਅਮਰਦਾਸ ਸੀਨੀਅਰ ਸੈਕੰਡਰੀ ਸਕੂਲ, ਗੋਇੰਦਵਾਲ ਸਾਹਿਬ ਦੀ ਬਾਸਕਿਟਬਾਲ (ਲੜਕੀਆਂ) ਅੰਡਰ-17 ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੂਜਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਇਹ ਮੁਕਾਬਲੇ ਜ਼ਿਲ੍ਹਾ ਤਰਨਤਾਰਨ ਦੇ ਪੱਟੀ ਸ਼ਹਿਰ ਵਿਖੇ ਕਰਵਾਏ ਗਏ। ਇਨ੍ਹਾਂ ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ ਦੇ ਕਨਵੀਨਰ ਸ. ਜੁਗਰਾਜ ਸਿੰਘ ਅਤੇ

ਏ.ਈ.ਓ. ਸ. ਕੁਲਦੀਪ ਸਿੰਘ ਦੀ ਅਗਵਾਈ ਹੇਠ ਖਿਡਾਰੀਆਂ ਨੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਟੀਮ ਦੇ ਖਿਡਾਰੀਆਂ ਨੇ ਪੂਰੇ ਜੋਸ਼, ਅਨੁਸ਼ਾਸਨ ਅਤੇ ਖੇਡ ਭਾਵਨਾ ਨਾਲ ਮੁਕਾਬਲਿਆਂ ਵਿੱਚ ਭਾਗ ਲਿਆ ਅਤੇ ਉਪ ਜੇਤੂ ਰਹਿਣ ਦਾ ਮਾਣ ਪ੍ਰਾਪਤ ਕੀਤਾ। ਸਕੂਲ ਦੇ ਪ੍ਰੈਜ਼ੀਡੈਂਟ ਮੈਡਮ ਬਲਜੀਤ ਕੌਰ ਰੰਧਾਵਾ ਜੀ ਨੇ ਟੀਮ ਦੇ ਖਿਡਾਰੀਆਂ, ਕੋਚ ਅਤੇ ਸਮੂਹ ਸਟਾਫ਼ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ। ਉਨ੍ਹਾਂ ਨੇ ਖਿਡਾਰੀਆਂ ਨੂੰ ਭਵਿੱਖ ਵਿੱਚ ਹੋਰ ਮਿਹਨਤ ਕਰਕੇ ਸਕੂਲ ਅਤੇ ਜ਼ਿਲ੍ਹੇ ਦਾ ਨਾਮ ਹੋਰ ਉੱਚਾ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੈਡਮ ਰਵਿੰਦਰ ਕੌਰ ਜੀ ਨੇ ਵੀ ਖਿਡਾਰੀਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਇਹ ਪ੍ਰਾਪਤੀ ਵਿਦਿਆਰਥੀਆਂ ਦੀ ਲਗਨ, ਮਿਹਨਤ ਅਤੇ ਕੋਚ ਦਵਿੰਦਰ ਸਿੰਘ ਦੀ ਸੁਚੱਜੀ ਰਹਿਨੁਮਾਈ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਸਕੂਲ ਵੱਲੋਂ ਪੜ੍ਹਾਈ ਦੇ ਨਾਲ-ਨਾਲ ਖੇਡਾਂ ਨੂੰ ਵੀ ਵਿਸ਼ੇਸ਼ ਮਹੱਤਵ ਦਿੱਤਾ ਜਾਂਦਾ ਹੈ ਤਾਂ ਜੋ ਵਿਦਿਆਰਥੀਆਂ ਦਾ ਸਰਵਪੱਖੀ ਵਿਕਾਸ ਹੋ ਸਕੇ।

ਨੌਜਵਾਨ ਕਰਨਬੀਰ ਸਿੰਘ ਨੂੰ ਨਮ ਅੱਖਾਂ ਨਾਲ ਦਿੱਤੀ ਅੰਤਿਮ ਵਿਦਾਇਗੀ

ਫਤਿਹ ਟਾਈਮਜ਼ ਫਤਿਹਾਬਾਦ, 1 ਸਤੰਬਰ (ਸ਼ੀਤਲ ਬਾਵਾ) ਬੀਤੀ ਰਾਤ 30 ਅਗਸਤ ਨੂੰ ਟ੍ਰੈਕਟਰ ਟਰਾਲੀ ਦੇ ਪਲਟਣ ਦੇ ਕਰਨ ਸ਼ਟਰਿੰਗ ਦਾ ਸਮਾਨ ਇੱਕ ਨੌਜਵਾਨ ਦੇ ਉੱਤੇ ਡਿੱਗਣ ਕਾਰਨ ਕਰਨਬੀਰ ਸਿੰਘ ਦੀ ਮੌਤ ਹੋ ਗਈ ਜਿਸ ਦਾ ਅੰਤਿਮ ਸੰਸਕਾਰ 31 ਅਗਸਤ ਨੂੰ ਫਤਿਹਾਬਾਦ ਦੇ ਸ਼ਮਸ਼ਾਨਘਾਟ ਵਿਖੇ ਨਮ ਅੱਖਾਂ ਨਾਲ ਅੰਤਿਮ ਸੰਸਕਾਰ ਕੀਤਾ ਗਿਆ ਤੇ ਮਿਤ੍ਰਕ ਦੀ ਦੇਹ ਨੂੰ ਜਦੋਂ ਸ਼ਮਸ਼ਾਨਘਾਟ ਲਿਆਂਦਾ ਗਿਆ ਤੇ ਮੌਜੂਦਾ ਪਰਿਵਾਰਕ ਮੈਂਬਰਾਂ ਅਤੇ

ਸਥਾਨਕ ਨਿਵਾਸੀਆਂ ਦੀਆਂ ਅੱਖਾਂ ਭਰ ਆਈਆਂ ਇਸ ਦੁੱਖ ਦੀ ਘੜੀ ਵਿੱਚ ਸ਼ਾਮਲ ਹੋਣਾ ਲਈ ਪਿੰਡ ਅਤੇ ਇਲਾਕੇ ਦੇ ਵੱਡੀ ਗਿਣਤੀ ਵਿਚ ਲੋਕ ਸ਼ਮਸ਼ਾਨਘਾਟ ਪੁੱਜੇ ਮ੍ਰਿਤਕ ਦੀ ਆਤਮਾ ਦੀ ਸ਼ਾਂਤੀ ਲਈ ਅਰਦਾਸ ਕੀਤੀ ਗਈ ਘਟਨਾ ਤੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਨਿਵਾਸੀਆਂ ਨੇ ਪੀੜਤ ਪਰਿਵਾਰ ਨਾਲ ਹਮਦਰਦੀ ਜਤਾਈ ਅਤੇ ਵਾਹਿਗੁਰੂ ਅੱਗੇ ਭਾਣਾ ਮੰਨਣ ਦਾ ਬਲ ਬਖਸ਼ਣ ਦੀ ਅਰਦਾਸ ਕੀਤੀ। ਇਸ ਮੌਕੇ ਭੁਪਿੰਦਰ ਸਿੰਘ ਭਿੰਦਾ ਸਾਬਕਾ ਸਰਪੰਚ, ਚਰਨਜੀਤ ਸਿੰਘ, ਪੰਮਾ, ਸੁਰਜੀਤ ਕੁਮਾਰ ਬਾਵਾ ਮੈਂਬਰ, ਹਰਪਾਲ ਸਿੰਘ, ਵਿਜੇ ਸਿੰਘ, ਸਾਹਿਲ, ਹਰਸ਼ਦੀਪ ਸਿੰਘ, ਨੰਬਰਦਾਰ ਸੰਤੋਖ ਸਿੰਘ, ਸੁਖਦੇਵ ਬਾਵਾ, ਬਿੱਲਾ, ਸਾਬਾ, ਬਲਦੇਵ ਸਿੰਘ, ਅਸ਼ੋਕ ਬਾਵਾ, ਜੈਪਾਲ, ਜੈ ਰਘਬੀਰ, ਆਦਿ ਪ੍ਰਗਟ ਕੀਤਾ।

Editor,Owner and Publisher Sarbjot Singh Sandha on behalf of Fateh Times online news and media company Regd:PB22000167,Published from Fateh Times H/O Mankdeka Road , Fatehabad,(Tarntaran) 143407

ਅਦਾਲਤੀ ਸ਼ਿਕਾਇਤਾਂ ਅਤੇ ਝਗੜਿਆਂ ਦਾ ਨਿਪਟਾਰਾ ਕੇਵਲ ਲੋਕਲ ਸਬ ਡਵੀਜਨ ਖਡੂਰ ਸਾਹਿਬ ਵਿਖੇ ਹੀ ਹੋਵੇਗਾ।

ਜ਼ਿਲ੍ਹਾ ਪੱਧਰੀ ਅੰਡਰ-19 ਫੁੱਟਬਾਲ (ਲੜਕੇ) ਮੁਕਾਬਲੇ ਵਿੱਚ ਜ਼ੋਨ ਪਟਿਆਲਾ-2 ਨੇ ਜਿੱਤਿਆ ਗੋਲਡ ਮੈਡਲ

ਫਤਿਹ ਟਾਈਮਜ਼

ਪਟਿਆਲਾ, 1 ਸਤੰਬਰ (ਪ ਪ) ਪੰਜਾਬ ਸਕੂਲ ਖੇਡਾਂ 2026-27 ਤਹਿਤ ਜ਼ਿਲ੍ਹਾ ਪੱਧਰੀ ਅੰਡਰ-19 ਫੁੱਟਬਾਲ (ਲੜਕੇ) ਟੂਰਨਾਮੈਂਟ ਪੋਲੋ ਗਰਾਊਂਡ ਪਟਿਆਲਾ ਵਿਖੇ ਕਰਵਾਇਆ ਗਿਆ। ਇਹ ਖੇਡ ਮੁਕਾਬਲੇ ਜ਼ਿਲ੍ਹਾ ਸਿੱਖਿਆ ਅਫ਼ਸਰ ਸ੍ਰੀਮਤੀ ਸ਼ਾਲੂ ਮਹਿਰਾ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਡਾ. ਰਵਿੰਦਰਪਾਲ ਸਿੰਘ, ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਸ੍ਰੀ ਦਲਜੀਤ ਸਿੰਘ ਅਤੇ ਜ਼ਿਲ੍ਹਾ ਟੂਰਨਾਮੈਂਟ ਕਮੇਟੀ ਦੇ ਸਕੱਤਰ ਸ੍ਰੀ ਚਰਨਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਫ਼ਲਤਾਪੂਰਵਕ ਨੇਪਰੇ ਚੜ੍ਹੇ। ਇਸ ਜ਼ਿਲ੍ਹਾ ਪੱਧਰੀ ਅੰਡਰ-19 ਫੁੱਟਬਾਲ (ਲੜਕੇ) ਟੂਰਨਾਮੈਂਟ ਵਿੱਚ ਜ਼ੋਨ ਪਟਿਆਲਾ-2 ਦੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਪ੍ਰਾਪਤ ਕਰਕੇ ਗੋਲਡ ਮੈਡਲ ਆਪਣੇ ਨਾਮ ਕੀਤਾ। ਟੀਮ ਨੇ ਇਹ ਉਪਲਬਧੀ ਸ੍ਰੀ ਅਨਿਲ ਕੁਮਾਰ, ਸ੍ਰੀ ਸੰਦੀਪ ਸਿੰਘ ਅਤੇ ਸ੍ਰੀ ਅਜੈ ਕੁਮਾਰ ਦੀ ਯੋਗ ਅਗਵਾਈ ਵਿੱਚ ਹਾਸਲ ਕੀਤੀ। ਸ੍ਰੀ ਅਨਿਲ ਕੁਮਾਰ ਨੇ ਦੱਸਿਆ ਕਿ ਟੀਮ ਦੇ ਖਿਡਾਰੀਆਂ ਨੇ ਪੂਰੇ ਟੂਰਨਾਮੈਂਟ ਦੌਰਾਨ ਉੱਚ ਦਰਜੇ ਦੀ ਤਕਨੀਕ ਅਤੇ ਖੇਡ ਭਾਵਨਾ ਦਾ ਪ੍ਰਦਰਸ਼ਨ ਕਰਕੇ ਹਾਜ਼ਰ ਖੇਡ ਪ੍ਰੇਮੀਆਂ ਦਾ ਮਨ ਮੋਹ ਲਿਆ। ਇਸ ਸ਼ਾਨਦਾਰ ਜਿੱਤ 'ਤੇ ਜ਼ੋਨ ਪਟਿਆਲਾ-2 ਦੇ ਪ੍ਰਧਾਨ ਡਾ. ਰਜਨੀਸ਼ ਗੁਪਤਾ ਅਤੇ ਜ਼ੋਨਲ ਸਕੱਤਰ ਸ੍ਰੀ ਬਲਵਿੰਦਰ ਸਿੰਘ ਜੱਸਲ ਨੇ ਜੇਤੂ ਖਿਡਾਰੀਆਂ ਸਮੇਤ ਟੀਮ ਇੰਚਾਰਜਾਂ ਨੂੰ ਵਧਾਈ ਦਿੱਤੀ ਅਤੇ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ ਮਿਸ ਕਿਰਨਜੋਤ, ਮਿਸ ਸੰਦੀਪ ਕੌਰ, ਸ੍ਰੀਮਤੀ ਮਮਤਾ ਰਾਣੀ, ਸ੍ਰੀ ਬਲਕਾਰ ਸਿੰਘ, ਸ੍ਰੀ ਸਤਵਿੰਦਰ ਸਿੰਘ ਅਤੇ ਸ੍ਰੀ ਮਨਪ੍ਰੀਤ ਸਿੰਘ ਸ਼ੇਰਮਾਜਰਾ (ਪ੍ਰੈੱਸ ਇੰਚਾਰਜ) ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।

ਵਾਰਡ ਨੰਬਰ ਤਿੰਨ 'ਚ 30 ਲੱਖ ਦੀ ਲਾਗਤ ਨਾਲ ਇੰਟਰਲਾਕ ਟਾਇਲਾ ਲਾਉਣ ਦਾ ਕੰਮ ਸ਼ੁਰੂ

ਫਤਿਹ ਟਾਈਮਜ਼

ਮੁੱਲਾਪੁਰ ਦਾਖਾ, 1 ਸਤੰਬਰ (ਦਵਿੰਦਰ ਸਿੰਘ ਲੰਮੇਂ) ਪਿਛਲੇ ਦਿਨੀ ਨਗਰ ਕੌਂਸਲ ਅਤੇ ਸ਼ਹਿਰ ਦੇ ਕਾਂਗਰਸੀ ਕੌਂਸਲਰਾਂ ਦਰਮਿਆਨ ਵੱਧੇ ਟਕਰਾਅ ਤੋਂ ਬਾਅਦ ਆਖਰ ਨਗਰ ਕੌਂਸਲ ਵੱਲੋਂ ਕੌਂਸਲਰਾਂ ਦੇ ਨਾਲ ਮਿਲਵਰਤਣ ਵਾਲਾ ਰਵੈਇਆ ਅਪਣਾਉਦਿਆਂ ਵਿਕਾਸ ਕਾਰਜ ਸ਼ੁਰੂ ਹੋ ਗਏ ਹਨ। ਵਾਰਡ ਨੰਬਰ ਤਿੰਨ ਵਿੱਚ ਤਕਰੀਬਨ 30 ਲੱਖ ਦੀ ਲਾਗਤ ਨਾਲ ਇੰਟਰਲਾਕ ਟਾਇਲਾਂ ਲਾਉਣ ਦਾ ਕੰਮ ਸ਼ੁਰੂ ਕਰਵਾ ਦਿੱਤਾ ਹੈ। ਜਿਸਦੀ ਸ਼ੁਰੂਆਤ ਮਹਿਲਾ ਕੌਂਸਲਰ ਸੁਰਿੰਦਰ ਪਾਲ ਕੌਰ ਵੱਲੋਂ ਟੱਕ ਲਾ ਕੇ ਕੀਤੀ ਗਈ। ਇਸ ਮੌਕੇ ਉਹਨਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਾਰਡ ਵਾਸੀਆਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਹੁਣ ਵਿਕਾਸ ਕਾਰਜਾਂ ਦੀ ਰਫਤਾਰ ਹੋਰ ਤੇਜ ਹੋਵੇਗੀ । ਸੁਰਿੰਦਰ ਪਾਲ ਕੌਰ ਨੇ ਦੱਸਿਆ ਕਿ ਵਾਰਡ ਨੰਬਰ ਤਿੰਨ ਵਿੱਚ ਰਾਏਕੋਟ 'ਤੇ ਸਥਿਤ ਰੇਲਵੇ ਓਵਰ ਬ੍ਰਿਜ ਥੱਲੇ ਲੱਗਣ ਵਾਲੀਆਂ ਇਹਨਾ ਟਾਇਲਾਂ 'ਤੇ ਅਨੁਮਾਨਤ 30 ਲੱਖ ਰੁਪਏ ਦੀ ਲਾਗਤ ਆਵੇਗੀ ਅਤੇ ਪੁੱਲ ਦੇ ਹੇਠਾਂ ਟਾਇਲਾ ਲੱਗਣ ਨਾਲ ਸਫਾਈ ਵਿਵਸਥਾ ਵੀ ਮਜਬੂਤ ਹੋਵੇਗੀ ਅਤੇ ਆਉਣ ਵਾਲੇ ਦਿਨਾਂ ਵਿੱਚ ਵਾਰਡ ਅੰਦਰ ਹੋਰ ਵੀ ਵਿਕਾਸ ਕਾਰਜ ਵੱਡੇ ਪੱਧਰ 'ਤੇ ਸ਼ੁਰੂ ਕੀਤੇ ਜਾਣਗੇ। ਉਹਨਾਂ ਵਾਰਡ ਵਾਸੀਆਂ ਨੂੰ ਭਰੋਸਾ ਦਿੱਤਾ ਕਿ ਜਿਹੜੇ ਵਾਅਦੇ ਉਹਨਾਂ ਨਾਲ ਕੀਤੇ ਗਏ ਹਨ ਉਹਨਾਂ ਨੂੰ ਆਉਣ ਵਾਲੇ ਸਮੇਂ ਦੌਰਾਨ ਪੂਰਾ ਕੀਤਾ ਜਾਵੇਗਾ।ਇਸ ਮੌਕੇ ਨਗਰ ਕੌਂਸਲ ਦੇ ਪ੍ਰਧਾਨ ਜਸਵਿੰਦਰ ਸਿੰਘ ਹੈਪੀ, ਕੌਂਸਲਰ ਸੁਭਾਸ਼ ਨਾਗਰ, ਕੌਂਸਲਰ ਇੰਦਰਪਾਲ ਸਿੰਘ, ਸਾਬਕਾ ਕੌਂਸਲਰ ਸੁਰਿੰਦਰ ਸਿੰਘ ਕੇ ਡੀ, ਰਮਨਦੀਪ ਸਿੰਘ, ਤਰੁਣ ਕੁਮਾਰ (ਪਿੰਕੂ) ਜਿੰਦਲ, ਮਨਜੀਤ ਸਿੰਘ, ਸਤੀਸ਼ ਕੁਮਾਰ, ਪਰਮਿੰਦਰ ਸਿੰਘ , ਸਰੂਪ ਸਿੰਘ, ਗੌਰਵ, ਖੁਸ਼ਮਿੰਦਰ ਕੌਰ ਅਤੇ ਸਰਬਜੀਤ ਕੌਰ ਬਰਾੜ ਆਦਿ ਹਾਜ਼ਰ ਸਨ।

ਲੇਖ ਅਤੇ ਕਵਿਤਾਵਾਂ ਵਿਚਲੇ ਵਿਚਾਰ ਲੇਖਕ ਜਾਂ ਕਵੀ ਦੇ ਨਿੱਜੀ ਵਿਚਾਰ ਹਨ ਜਿਸ ਨਾਲ ਅਦਾਰਾ ਫਤਿਹ ਟਾਈਮਜ਼ ਦੇ ਸੰਪਾਦਕ ਦਾ ਸਹਿਮਤ ਹੋਣਾ ਜਰੂਰੀ ਨਹੀਂ।

ਪੱਤਰਕਾਰਾਂ ਦੀ ਲੋੜ

ਅਦਾਰਾ ਫਤਿਹ ਟਾਈਮਜ਼ ਨੂੰ ਪੰਜਾਬ ਦੇ ਵੱਖ ਵੱਖ ਸ਼ਹਿਰਾਂ ਕਸਬਿਆਂ ਤੋਂ ਪੜ੍ਹੇ ਲਿਖੇ ਰਿਪੋਰਟਰਾਂ ਦੀ ਲੋੜ ਹੈ ਚਾਹਵਾਨ ਹੇਠ ਦਿੱਤੇ ਨੰਬਰ ਤੇ ਸੰਪਰਕ ਕਰਨ ।
ਮੋ:99885-37575

ਸ਼੍ਰੋਮਣੀ ਕਮੇਟੀ ਵਫ਼ਦ ਵੱਲੋਂ ਨੇਪਾਲ ਦੇ ਪ੍ਰਧਾਨ ਮੰਤਰੀ ਦਫ਼ਤਰ ਦੇ ਨੁਮਾਇੰਦਿਆਂ ਨਾਲ ਮੀਟਿੰਗ

ਫਤਿਹ ਟਾਈਮਜ਼

ਸ਼੍ਰੋਮਣੀ ਕਮੇਟੀ ਵੱਲੋਂ ਨੇਪਾਲ ਸਰਕਾਰ ਨੂੰ ਸੇਵਾ ਕਾਰਜਾਂ ਲਈ ਖੁੱਲ੍ਹੀ ਪੇਸ਼ਕਸ਼।

ਅੰਮ੍ਰਿਤਸਰ, 1 ਸਤੰਬਰ (ਸੰਧਾ) ਨੇਪਾਲ ਵਿੱਚ ਵਾਪਰੀ ਤ੍ਰਾਸਦੀ ਤੋਂ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭੇਜੇ ਗਏ ਵਫ਼ਦ ਨੇ ਅੱਜ ਸ. ਪ੍ਰੀਤਮ ਸਿੰਘ ਦੇ ਉਪਰਾਲੇ ਨਾਲ ਨੇਪਾਲ ਦੇ ਪ੍ਰਧਾਨ ਮੰਤਰੀ ਦਫ਼ਤਰ ਦੇ ਨੁਮਾਇੰਦਿਆਂ ਨਾਲ ਅਹਿਮ ਮੀਟਿੰਗ ਕੀਤੀ। ਸ਼੍ਰੋਮਣੀ ਕਮੇਟੀ ਦੇ ਵਫ਼ਦ ਵਿਚ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਗੁਰਚਰਨ ਸਿੰਘ ਗਰੇਵਾਲ, ਐਡਵੋਕੇਟ ਭਗਵੰਤ ਸਿੰਘ ਸਿਆਲਕਾ ਅਤੇ ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸ. ਅਜ਼ਾਦ ਦੀਪ ਸਿੰਘ ਸ਼ਾਮਲ ਹਨ।

ਇਸ ਦੌਰਾਨ ਵਫ਼ਦ ਨੇ ਨੇਪਾਲ ਵਿੱਚ ਕੁਦਰਤੀ ਆਫ਼ਤ ਤੋਂ ਬਾਅਦ ਪੈਦਾ ਹੋਏ ਹਾਲਾਤ, ਸਰਕਾਰ ਵੱਲੋਂ ਚਲਾਏ ਜਾ ਰਹੇ ਰਾਹਤ ਕਾਰਜਾਂ ਅਤੇ ਪ੍ਰਭਾਵਿਤ ਲੋਕਾਂ ਦੀਆਂ ਮੌਜੂਦਾ ਲੋੜਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਹਾਸਲ ਕੀਤੀ। ਮੀਟਿੰਗ ਦੌਰਾਨ ਸ਼੍ਰੋਮਣੀ ਕਮੇਟੀ ਦੇ ਵਫ਼ਦ ਨੇ ਨੇਪਾਲ ਸਰਕਾਰ ਦੇ ਅਧਿਕਾਰੀਆਂ ਕੋਲੋਂ ਇਹ ਵੀ ਜਾਣਨ ਦੀ ਕੋਸ਼ਿਸ਼ ਕੀਤੀ ਕਿ ਇਸ ਸਮੇਂ ਤ੍ਰਾਸਦੀ ਪ੍ਰਭਾਵਿਤ ਲੋਕਾਂ ਨੂੰ ਸਭ ਤੋਂ ਵੱਧ ਕਿਹੜੀ ਰਾਹਤ ਸਮੱਗਰੀ ਦੀ ਲੋੜ ਹੈ, ਤਾਂ ਜੋ ਸ਼੍ਰੋਮਣੀ ਕਮੇਟੀ ਵੱਲੋਂ ਲੋੜ ਅਨੁਸਾਰ ਸਹਾਇਤਾ ਮੁਹੱਈਆ ਕਰਵਾਈ ਜਾ ਸਕੇ।

ਨੇਪਾਲ ਤੋਂ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਵਫ਼ਦ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਦੱਸਿਆ ਕਿ ਨੇਪਾਲ ਵਿਚ ਕੁਦਰਤੀ ਆਫਤ ਤੋਂ ਪ੍ਰਭਾਵਿਤ ਲੋਕਾਂ ਦੀ ਹਰ ਸੰਭਵ ਸਹਾਇਤਾ ਲਈ ਸ਼੍ਰੋਮਣੀ ਕਮੇਟੀ ਵਚਨਬੱਧ ਹੈ ਅਤੇ ਸਰਕਾਰ ਵੱਲੋਂ ਦਿੱਤੀ ਜਾਣ ਵਾਲੀ ਅਗਲੀ ਜਾਣਕਾਰੀ ਅਤੇ ਲੋੜ ਅਨੁਸਾਰ ਰਾਹਤ ਕਾਰਜਾਂ ਨੂੰ ਅਮਲ ਵਿੱਚ ਲਿਆਂਦਾ ਜਾਵੇਗਾ। ਭਾਈ ਗਰੇਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੀ ਹਮੇਸ਼ਾ ਇਹ ਰਵਾਇਤ ਰਹੀ ਹੈ ਕਿ ਕੁਦਰਤੀ ਆਫ਼ਤਾਂ ਅਤੇ ਸੰਕਟ ਦੀ ਘੜੀ ਵਿੱਚ ਮਨੁੱਖਤਾ ਦੀ ਸੇਵਾ ਨੂੰ ਪਹਿਲ ਦਿੱਤੀ ਜਾਵੇ ਅਤੇ ਲੋੜਵੰਦਾਂ ਤੱਕ ਹਰ ਸੰਭਵ ਸਹਾਇਤਾ ਪਹੁੰਚਾਈ ਜਾਵੇ।

ਉਨ੍ਹਾਂ ਦੱਸਿਆ ਕਿ ਨੇਪਾਲ ਸਰਕਾਰ ਦੇ ਨੁਮਾਇੰਦਿਆਂ ਨੇ ਸ਼੍ਰੋਮਣੀ ਕਮੇਟੀ ਵੱਲੋਂ ਕੁਦਰਤੀ ਆਫ਼ਤ ਸਮੇਂ ਮਨੁੱਖਤਾ ਦੀ ਸੇਵਾ ਲਈ ਕੀਤੀ ਪਹੁੰਚ ਲਈ ਧੰਨਵਾਦ ਕੀਤਾ ਅਤੇ ਸਰਕਾਰ ਵੱਲੋਂ ਕੀਤੇ ਜਾ ਰਹੇ ਰਾਹਤ ਕਾਰਜਾਂ ਲਈ ਬਣਾਈ ਰੂਪ ਰੇਖਾ ਦੀ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਵੀ ਨੇਪਾਲ ਸਰਕਾਰ ਦੀ ਸਹਿਮਤੀ ਅਤੇ ਉਸ ਵੱਲੋਂ ਉਲੀਕੇ ਪ੍ਰੋਗਰਾਮ ਅਨੁਸਾਰ ਹੀ ਰਾਹਤ ਕਾਰਜ ਕੀਤੇ ਜਾਣਗੇ। ਭਾਈ ਗਰੇਵਾਲ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਨੇਪਾਲ ਸਰਕਾਰ ਦੇ ਨੁਮਾਇੰਦਿਆਂ ਨੂੰ ਸੇਵਾ ਕਾਰਜਾਂ ਲਈ ਖੁੱਲ੍ਹੀ ਪੇਸ਼ਕਸ਼ ਕੀਤੀ ਗਈ ਹੈ ਅਤੇ ਇਨ੍ਹਾਂ ਲਈ ਲੋੜੀਂਦੀ ਪ੍ਰਵਾਨਗੀ ਬਾਰੇ ਆਖਿਆ ਗਿਆ ਹੈ। ਸਰਕਾਰੀ ਨੁਮਾਇੰਦਿਆਂ ਅਨੁਸਾਰ ਉਹ ਜਲਦ ਹੀ ਸਾਰੀ ਰੂਪਰੇਖਾ ਸ਼੍ਰੋਮਣੀ ਕਮੇਟੀ ਨੂੰ ਦੱਸਣਗੇ, ਜਿਸ ਅਨੁਸਾਰ ਰਾਹਤ ਸੇਵਾਵਾਂ ਕੀਤੀਆਂ ਜਾਣਗੀਆਂ। ਇਸ ਮੀਟਿੰਗ ਵਿੱਚ ਸ਼੍ਰੋਮਣੀ ਕਮੇਟੀ ਦੇ ਵਫ਼ਦ ਮੈਂਬਰਾਂ ਤੋਂ ਇਲਾਵਾ ਨੇਪਾਲ ਤੋਂ ਸ. ਅੰਗਦ ਸਿੰਘ ਅਤੇ ਗੁਰਦੁਆਰਾ ਸਿੰਘ ਸਭਾ ਦੇ ਸਕੱਤਰ ਸ. ਪ੍ਰੀਤਮ ਸਿੰਘ ਹਾਜ਼ਰ ਰਹੇ।

ਹਲਦਵਾਨੀ ਘਟਨਾ ਦੇ ਵਿਰੋਧ 'ਚ ਪੰਜਾਬ ਕਾਂਗਰਸ ਐਸ. ਸੀ. ਡਿਪਾਰਟਮੈਂਟ ਦਾ ਅਣਮਿੱਥੇ ਸਮੇਂ ਲਈ ਧਰਨਾ

ਫਤਿਹ ਟਾਈਮਜ਼

ਰਾਜੇਸ਼ਇੰਦਰ ਸਿੰਘ ਸਿੱਧੂ ਸਮੇਤ ਕਈ ਆਗੂ ਗ੍ਰਿਫ਼ਤਾਰ

ਜਗਰਾਉਂ, 1 ਸਤੰਬਰ **(ਸੰਜੀਵ ਅਰੋੜਾ)** ਕਾਂਗਰਸ ਦੇ ਕੌਮੀ ਪ੍ਰਧਾਨ ਮਲਿਕਾਰਜੁਨ ਖੜਗੇ ਦੀ ਹਲਦਵਾਨੀ (ਉਤਰਾਖੰਡ) ਵਿਖੇ ਹੋਈ ਜਨ ਸਭਾ ਤੋਂ ਬਾਅਦ ਕਥਿਤ ਤੌਰ 'ਤੇ 'ਭੂਆ-ਛਾਤ' ਦੀ ਭਾਵਨਾ ਨਾਲ ਕੀਤੇ ਗਏ ਸ਼ੁੱਧੀਕਰਨ ਮਾਮਲੇ ਨੂੰ ਲੈ ਕੇ ਪੰਜਾਬ ਕਾਂਗਰਸ ਦੇ ਐੱਸ.ਸੀ. ਡਿਪਾਰਟਮੈਂਟ ਵੱਲੋਂ ਆਰ.ਐਸ.ਐਸ. ਅਤੇ ਭਾਜਪਾ ਖਿਲਾਫ਼ ਅਣਮਿੱਥੇ ਸਮੇਂ ਲਈ ਧਰਨਾ ਸ਼ੁਰੂ ਕੀਤਾ ਗਿਆ। ਧਰਨਾਕਾਰੀਆਂ ਨੇ ਮੰਗ ਕੀਤੀ ਕਿ ਇਸ ਘਟਨਾ ਵਿੱਚ ਸ਼ਾਮਲ ਸਾਰੇ ਦੋਸ਼ੀਆਂ ਖ਼ਿਲਾਫ਼ ਤੁਰੰਤ ਐਫ.ਆਈ.ਆਰ. ਦਰਜ ਕਰਕੇ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ। ਧਰਨੇ ਨੂੰ ਸੰਬੋਧਨ ਕਰਦਿਆਂ ਐੱਸ.ਸੀ. ਡਿਪਾਰਟਮੈਂਟ ਦੇ ਆਗੂਆਂ ਨੇ ਕਿਹਾ ਕਿ ਇਹ ਘਟਨਾ ਦਲਿਤ ਸਮਾਜ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਹੈ ਅਤੇ ਸੰਵਿਧਾਨਕ ਮੁੱਲਾਂ ਦੇ ਵੀ ਖਿਲਾਫ਼ ਹੈ। ਉਨ੍ਹਾਂ ਦੋਸ਼ ਲਾਇਆ ਕਿ ਦੇਸ਼ ਵਿੱਚ ਸਮਾਜਿਕ ਬਰਾਬਰੀ ਅਤੇ ਭਾਈਚਾਰਕ ਸਾਂਝ ਨੂੰ ਕਮਜ਼ੋਰ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ, ਜਿਨ੍ਹਾਂ ਨੂੰ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਦੌਰਾਨ ਪੁਲਿਸ ਵੱਲੋਂ ਧਰਨੇ 'ਤੇ ਬੈਠੇ ਕਈ ਆਗੂਆਂ ਅਤੇ ਵਰਕਰਾਂ ਨੂੰ ਹਿਰਾਸਤ ਵਿੱਚ ਲਿਆ ਗਿਆ। ਗ੍ਰਿਫ਼ਤਾਰ ਕੀਤੇ ਗਏ ਆਗੂਆਂ ਵਿੱਚ ਸੁਧੀਰ ਚੌਧਰੀ ਕੋਆਰਡੀਨੇਟਰ ਐਸਸੀ ਡਿਪਾਰਟਮੈਂਟ, ਐੱਸ.ਸੀ. ਡਿਪਾਰਟਮੈਂਟ ਪੰਜਾਬ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਲੱਕੀ ਪੱਖੋਕੇ, ਸਾਬਕਾ ਮੰਤਰੀ ਅਤੇ ਸੀਨੀਅਰ ਕਾਂਗਰਸੀ ਆਗੂ ਰਾਜ ਕੁਮਾਰ ਵੇਰਕਾ ਅਤੇ ਵਾਈਸ ਚੇਅਰਮੈਨ ਰਾਜੇਸ਼ਇੰਦਰ ਸਿੰਘ ਸਿੱਧੂ ਤੋਂ ਇਲਾਵਾ ਹੋਰ ਵੀ ਆਗੂ ਸ਼ਾਮਲ ਹਨ। ਧਰਨਾਕਾਰੀਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਦੋਸ਼ੀਆਂ ਖ਼ਿਲਾਫ਼ ਬਣਦੀ ਕਾਰਵਾਈ ਨਾ ਕੀਤੀ ਗਈ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਸਮਾਜਿਕ ਨਿਆਂ ਅਤੇ ਬਰਾਬਰੀ ਦੀ ਲੜਾਈ ਨੂੰ ਪੂਰੀ ਤਾਕਤ ਨਾਲ ਜਾਰੀ ਰੱਖਿਆ ਜਾਵੇਗਾ। ਧਰਨੇ ਦੌਰਾਨ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ, ਐੱਸ.ਸੀ. ਡਿਪਾਰਟਮੈਂਟ ਦੇ ਅਹੁਦੇਦਾਰ ਅਤੇ ਵਰਕਰ ਮੌਜੂਦ ਰਹੇ ਅਤੇ ਉਨ੍ਹਾਂ ਨੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਇਨਸਾਫ਼ ਦੀ ਮੰਗ ਦੁਹਰਾਈ।

ਫਤਿਹ ਟਾਈਮਜ਼ CHANNEL
ਹੱਕ ਸੱਚ ਦੀ ਆਵਾਜ਼

ਮਿਆਰੀ ਖਬਰਾਂ ਦੇਖਣ ਲਈ fatehtimes channel ਨੂੰ ਜਰੂਰ ਸਬਸਕਰਾਈਬ ਕਰੋ।

ਫਤਿਹ ਟਾਈਮਜ਼ ਚੈਂਨਲ ਤੇ ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ
ਮੋ; 99885-37575

ਹਲਕੇ ਖਡੂਰ ਸਾਹਿਬ ਦੀ ਸੰਗਤ ਵਲੋਂ ਮਿਲ ਰਿਹਾ ਪਿਆਰ ਹੀ ਸਾਡੀ ਅਸਲੀ ਤਾਕਤ: ਪ੍ਰੋ ਹਰਪ੍ਰੀਤ ਸਿੰਘ ਕੋਟ

ਖਡੂਰ ਸਾਹਿਬ, 1 ਸਤੰਬਰ (ਐਸ ਐਸ ਸੰਧਾ) ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਮਹਿਜ ਕੁਝ ਮਹੀਨੇ ਬਾਕੀ ਰਹਿ ਗਏ ਹਨ ।ਵੱਖ ਵੱਖ ਪਾਰਟੀਆਂ ਨੇ ਵਿਧਾਨ ਸਭਾ ਹਲਕਿਆਂ ਵਿੱਚ ਸਰਗਰਮੀਆਂ ਤੇਜ਼ ਕਰ ਦਿੱਤੀਆਂ ਹਨ। ਵਿਧਾਨ ਸਭਾ ਹਲਕਾ ਖਡੂਰ ਸਾਹਿਬ ਵਿੱਚ ਵੀ ਚੋਣ ਸਰਗਰਮੀਆਂ ਤੇਜ਼ ਹੋ ਗਈਆ ਹਨ। ਹਲਕਾ ਖਡੂਰ ਸਾਹਿਬ ਦੇ ਸਭ ਤੋਂ ਸੀਨੀਅਰ ਆਗੂ ਅਤੇ ਜ਼ਿਲ੍ਹਾ ਪ੍ਰਧਾਨ ਮੀਡੀਆ, ਬੁਲਾਰਾ ਪੰਜਾਬ ਪ੍ਰੋ ਹਰਪ੍ਰੀਤ ਸਿੰਘ ਕੋਟ ਮੁੰਹਮਦ ਖਾਂ ਲਗਾਤਾਰ ਹਲਕੇ ਵਿੱਚ ਲੋਕਾਂ ਦੇ ਸੁੱਖ ਦੁੱਖ ਵਿੱਚ ਹਾਜ਼ਰ ਹੋ ਰਹੇ ਹਨ। ਪਾਰਟੀ ਦੇ ਪੁਰਾਣੇ ਸਾਥੀਆਂ ਨਾਲ ਲਗਾਤਾਰ ਮੀਟਿੰਗਾਂ ਕਰ ਰਹੇ ਹਨ। ਪ੍ਰੋ ਹਰਪ੍ਰੀਤ ਸਿੰਘ ਕੋਟ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਾਡਾ ਮਕਸਦ ਮੁੱਖ ਮੰਤਰੀ ਭਗਵੰਤ ਮਾਨ ਜੀ ਅਤੇ ਆਮ ਆਦਮੀ ਪਾਰਟੀ ਦੁਆਰਾ ਕੀਤੇ ਹੋਏ ਕੰਮਾਂ ਨੂੰ ਘਰ ਘਰ ਤੱਕ ਪਹੁੰਚਾਉਣਾ ਹੈ। ਪੰਜਾਬ ਸਰਕਾਰ ਨੇ ਦੋ ਲੋਕ ਭਲਾਈ ਦੇ ਕੰਮ ਕਰਵਾਏ ਹਨ ਜਦੋਂ ਅਸੀਂ ਲੋਕਾਂ ਵਿੱਚ ਜਾਂਦੇ ਹਾਂ ਤਾਂ ਹਲਕੇ ਦੇ ਲੋਕ ਆਪ ਮੁਹਾਰੇ ਕਹਿੰਦੇ ਹਨ ਕਿ ਮੁੱਖ ਮੰਤਰੀ ਭਗਵੰਤ ਮਾਨ ਦੁਬਾਰਾ ਫਿਰ ਪੰਜਾਬ ਦੇ ਮੁੱਖ ਮੰਤਰੀ ਬਨਣਗੇ। ਲਗਾਤਾਰ ਮੀਟਿੰਗਾਂ ਵਿੱਚ ਮਿਲ ਰਿਹਾ ਭਰਵਾਂ ਹੁੰਗਾਰਾ ਦੱਸਦਾ ਹੈ ਕਿ ਹਲਕਾ ਖਡੂਰ ਸਾਹਿਬ ਦੇ ਲੋਕ ਚੰਗੇ ਉਮੀਦਵਾਰ ਦੀ ਉਡੀਕ ਕਰ ਰਹੇ ਹਨ। ਇਸ ਵਾਰ ਹਲਕੇ ਦੇ ਲੋਕ ਪੜਿਆ ਲਿਖਿਆ ਅਤੇ ਇਮਾਨਦਾਰ,ਯੋਗ ਉਮੀਦਵਾਰ ਨੂੰ ਜਿਤਾਉਣ ਲਈ ਦਿਨ ਰਾਤ ਇੱਕ ਕਰਨਗੇ। ਮੁੱਖ ਮੰਤਰੀ ਭਗਵੰਤ ਮਾਨ ਦੁਆਰਾ ਕੀਤੇ ਕੰਮ ਦੱਸਦੇ ਹਨ ਕਿ ਪੰਜਾਬ ਦਾ ਹਰ ਵਰਗ ਪੰਜਾਬ ਸਰਕਾਰ ਤੋਂ ਖੁਸ਼ ਨਜ਼ਰ ਆ ਰਿਹਾ ਹੈ।

ਸ਼੍ਰੋਮਣੀ ਅਕਾਲੀ ਦਲ ਦੇ ਵੱਡੇ ਇਕੱਠ 'ਚ ਪਹੁੰਚਣ ਤੇ ਅਕਾਲੀ ਆਗੂਆਂ ਨੇ ਸੰਗਤਾਂ ਦਾ ਕੀਤਾ ਧੰਨਵਾਦ

ਫਤਿਹਾਬਾਦ, 1 ਸਤੰਬਰ (ਐਸ ਐਸ ਸੰਧਾ/ਸ਼ੀਤਲ ਬਾਵਾ) ਬੀਤੇ ਦਿਨ ਸ਼੍ਰੋਮਣੀ ਅਕਾਲੀ ਦਲ ਬਾਦਲ ਵਲੋਂ ਇਤਿਹਾਸਕ ਕਸਬਾ ਫਤਿਹਾਬਾਦ ਵਿਖੇ ਜ਼ੋ ਵੱਡਾ ਇਕੱਠ ਕੀਤਾ ਗਿਆ ਸੀ ਜ਼ੋ ਕਿ ਰੈਲੀ ਦਾ ਰੂਪ ਧਾਰਨ ਕਰ ਗਿਆ ਸੀ ਇਸ ਵੱਡੇ ਇਕੱਠ ਵਿਚ ਪਹੁੰਚਣ ਤੇ ਇਲਾਕੇ ਦੀਆਂ ਸੰਗਤਾਂ ਦਾ ਧੰਨਵਾਦ ਕਰਦਿਆਂ ਕਸਬਾ ਫਤਿਹਾਬਾਦ ਦੇ ਆਗੂਆਂ ਜਿਨ੍ਹਾਂ ਵਿਚ ਸੀਨੀਅਰ ਅਕਾਲੀ ਆਗੂ ਤਜਿੰਦਰ ਸਿੰਘ ਪ੍ਰਿੰਸ,ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਖਡੂਰ ਸਾਹਿਬ ਦੇ ਬੀ ਸੀ ਵਿੰਗ ਦੇ ਹਲਕਾ ਪ੍ਰਧਾਨ ਭੁਪਿੰਦਰ ਸਿੰਘ ਭਿੰਦਾ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਖਡੂਰ ਸਾਹਿਬ ਦੇ ਐਸ ਸੀ ਵਿੰਗ ਦੇ ਪ੍ਰਧਾਨ ਕਸ਼ਮੀਰ ਸਿੰਘ ਸਹੋਤਾ ਨੇ ਸਮੂਹ ਵਰਕਰਾਂ ਅਤੇ ਇਲਾਕਾ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਹਲਕਾ ਖਡੂਰ ਸਾਹਿਬ ਦੇ ਲੋਕ ਨੌਜਵਾਨ ਅਕਾਲੀ ਆਗੂ ਸ੍ਰ ਅਵਤਾਰ ਸਿੰਘ ਬਿੱਲਾ ਸੇਰੋਂ ਅਤੇ ਹਲਕਾ ਇੰਚਾਰਜ ਬੀਬਾ ਰਮਨਦੀਪ ਕੌਰ ਸ਼ੇਰੋਂ ਦੇ ਵਿਚਾਰ ਸੁਣਨ ਲਈ ਕੱਲ ਲੰਮਾ ਸਮਾਂ ਬੈਠੇ ਤੇ ਏਨੀ ਗਰਮੀ ਦੇ ਬਾਵਜੂਦ ਵੀ ਸੰਗਤਾਂ ਨੇ ਆਪਣੇ ਆਗੂਆਂ ਨੂੰ ਸੁਣਿਆ। ਉਪਰੋਕਤ ਆਗੂਆਂ ਨੇ ਕਿਹਾ ਕਿ ਲੋਕ 2027 ਵਿਚ ਅਕਾਲੀ ਦਲ ਦੀ ਸਰਕਾਰ ਬਣਾਉਣਗੇ ਕਿਉਂ ਕਿ ਲੋਕਾਂ ਨੂੰ ਪਤਾ ਹੈ ਕਿ ਲੋਕ ਭਲਾਈ ਦੀਆਂ ਸਕੀਮਾਂ ਕੇਵਲ ਅਕਾਲੀ ਸਰਕਾਰ ਦੇ ਸਮੇਂ ਹੀ ਮਿਲਦੀਆਂ ਰਹੀਆਂ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਮਿਲਣਗੀਆਂ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬੇਅੰਤ ਸਿੰਘ ਪੈਟਰੋਲ ਪੰਪ ਵਾਲੇ,ਬਲਦੇਵ ਸਿੰਘ ਸ਼ੈਲਰ ਵਾਲੇ,ਮਲਕੀਅਤ ਸਿੰਘ ਠੇਕੇਦਾਰ, ਸੰਤੋਖ ਸਿੰਘ ਫੇਰੂਮਾਨ,ਜਸਬੀਰ ਸਿੰਘ ਬਿੱਲਾ ਪ੍ਰਧਾਨ,ਯਾਦਵਿੰਦਰ ਸਿੰਘ ਭੰਗੂ,ਕ੍ਰਿਸ਼ਨ ਬਲਦੇਵ ਸਿੰਘ ਆਦਿ ਹਾਜ਼ਰ ਸਨ।

ਪ੍ਰੋ. ਖਿਆਲਾ ਅਤੇ ਐਡਵੋਕੇਟ ਕਾਹਲੋਂ ਨੇ ਭਾਜਪਾ ਦੇ ਪੰਜਾਬ ਇੰਚਾਰਜ ਡਾ. ਸਤੀਸ਼ ਪੂਨੀਆ ਨਾਲ ਵਿਸ਼ੇਸ਼ ਮੁਲਾਕਾਤ ਕੀਤੀ

ਅੰਮ੍ਰਿਤਸਰ, 1 ਸਤੰਬਰ (ਸੰਧਾ) ਪੰਜਾਬ ਦੀ ਭਗਵੰਤ ਮਾਨ ਸਰਕਾਰ ਸੂਬੇ ਦੇ ਲੋਕਾਂ ਨੂੰ ਮੁਫ਼ਤ ਸਹੂਲਤਾਂ ਦੇ ਝੂਠੇ ਇਸ਼ਤਿਹਾਰਾਂ ਰਾਹੀਂ ਗੁਮਰਾਹ ਕਰ ਰਹੀ ਹੈ, ਜਦਕਿ ਅਸਲੀਅਤ ਇਹ ਹੈ ਕਿ ਅੱਜ ਪੰਜਾਬ ਦਾ ਹਰ ਨਾਗਰਿਕ ਗੈਂਗਸਟਰਵਾਦ, ਫਿਰੌਤੀਆਂ ਅਤੇ ਵਿਗੜਦੀ ਅਮਨ-ਕਾਨੂੰਨ ਦੀ ਸਥਿਤੀ ਕਾਰਨ ਡਰ ਤੇ ਅਸੁਰੱਖਿਆ ਦੇ ਮਾਹੌਲ ਵਿੱਚ ਜੀਅ ਰਿਹਾ ਹੈ। ਪੰਜਾਬ ਨੂੰ ਅੱਜ ਇਸ਼ਤਿਹਾਰਬਾਜ਼ੀ ਦੀ ਨਹੀਂ, ਸਗੋਂ ਜਾਨ-ਮਾਲ ਦੀ ਪੱਕੀ ਗਾਰੰਟੀ ਦੀ ਲੋੜ ਹੈ। ਇਹ ਪ੍ਰਗਟਾਵਾ ਭਾਜਪਾ ਦੇ ਸੂਬਾ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਅਤੇ ਐਡਵੋਕੇਟ ਹਰਿੰਦਰ ਸਿੰਘ ਕਾਹਲੋਂ ਨੇ ਚੰਡੀਗੜ੍ਹ ਸਥਿਤ ਭਾਜਪਾ ਦਫ਼ਤਰ ਵਿਖੇ ਪਾਰਟੀ ਦੇ ਕੌਮੀ ਜਨਰਲ ਸਕੱਤਰ ਤੇ ਪੰਜਾਬ ਇੰਚਾਰਜ ਡਾ. ਸਤੀਸ਼ ਪੂਨੀਆ ਨਾਲ ਵਿਸ਼ੇਸ਼ ਮੁਲਾਕਾਤ ਦੌਰਾਨ ਕੀਤਾ।ਪ੍ਰੋ. ਖਿਆਲਾ ਨੇ ਕਿਹਾ ਕਿ ਸਰਕਾਰ ਗੈਂਗਸਟਰਾਂ ਅਤੇ ਨਸ਼ਾ ਤਸਕਰਾਂ ਦੀ ਅਸਲ ਸਪਲਾਈ ਚੇਨ ਤੋੜਨ ਦੀ ਬਜਾਏ ਮਹਿਜ਼ ਅੰਕੜਿਆਂ ਦੀ ਖੇਡ ਖੇਡ ਕੇ ਆਪਣੀ ਪਿੱਠ ਥਾਪੜ ਰਹੀ ਹੈ। ਉਨ੍ਹਾਂ ਸਰਕਾਰ ਦੇ ਦਾਅਵਿਆਂ ਦੀ ਪੋਲ ਖੋਲ੍ਹਦਿਆਂ ਕਿਹਾ ਕਿ 70 ਹਜ਼ਾਰ ਨਸ਼ਾ ਤਸਕਰਾਂ ਨੂੰ ਜੇਲ੍ਹ ਭੇਜਣ ਦਾ ਦਾਅਵਾ ਪੂਰੀ ਤਰ੍ਹਾਂ ਹਾਸੋਹੀਣਾ ਹੈ, ਕਿਉਂਕਿ ਪੰਜਾਬ ਦੀਆਂ ਜੇਲ੍ਹਾਂ ਵਿੱਚ ਕੁੱਲ ਸਮਰੱਥਾ ਹੀ ਸਿਰਫ਼ 26 ਹਜ਼ਾਰ ਕੈਦੀਆਂ ਦੀ ਹੈ। ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕੇਸਾਂ ਵਿੱਚ ਸਜ਼ਾ ਦੀ ਦਰ ਬੇਹੱਦ ਨਿਗੂਣੀ ਹੈ, ਜਿਸ ਤੋਂ ਸਰਕਾਰ ਦੀ ਗੈਰ-ਸੰਜੀਦਗੀ ਸਾਫ਼ ਝਲਕਦੀ ਹੈ।

ਉਨ੍ਹਾਂ ਭ੍ਰਿਸ਼ਟਾਚਾਰ ਦੇ ਮੁੱਦੇ 'ਤੇ ਜ਼ੋਰਦਾਰ ਹਮਲਾ ਬੋਲਦਿਆਂ ਮੰਗ ਕੀਤੀ ਕਿ 'ਆਪ' ਸਰਕਾਰ ਦੇ ਮੰਤਰੀਆਂ, ਵਿਧਾਇਕਾਂ ਅਤੇ ਪ੍ਰਮੁੱਖ ਆਗੂਆਂ ਦੀਆਂ 2022 ਦੇ ਚੋਣ ਐਫੀਡੇਵਿਟਾਂ ਵਿੱਚ ਦਰਜ ਜਾਇਦਾਦਾਂ ਅਤੇ ਮੌਜੂਦਾ ਸੰਪਤੀ ਦੀ ਉੱਚ ਪੱਧਰੀ ਪਾਰਦਰਸ਼ੀ ਜਾਂਚ ਕਰਵਾਈ ਜਾਵੇ। ਜਿਨ੍ਹਾਂ ਆਗੂਆਂ ਨੇ ਆਮਦਨ ਦੇ ਸਰੋਤਾਂ ਤੋਂ ਵੱਧ ਦੌਲਤ ਇਕੱਠੀ ਕੀਤੀ ਹੈ, ਉਨ੍ਹਾਂ ਖ਼ਿਲਾਫ਼ ਸਮਰੱਥ ਜਾਂਚ ਏਜੰਸੀਆਂ ਵੱਲੋਂ ਤੁਰੰਤ ਸਖ਼ਤ ਕਾਨੂੰਨੀ ਕਾਰਵਾਈ ਹੋਣੀ ਚਾਹੀਦੀ ਹੈ।

ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਖਡੂਰ ਸਾਹਿਬ ਤੋਂ ਸਾਰੇ ਸਰਕਲ ਇੰਚਾਰਜ਼ਾਂ ਦੀ ਮੀਟਿੰਗ ਵਿੱਚ ਪਾਰਟੀ ਵਿਸਥਾਰ ਅਤੇ ਭਵਿੱਖੀ ਯੋਜਨਾਵਾਂ ਬਾਰੇ ਹੋਈ ਵਿਚਾਰ-ਚਰਚਾ

ਹਲਕਾ ਖਡੂਰ ਸਾਹਿਬ ਤੋਂ ਇੰਚਾਰਜ਼ ਭਾਈ ਕੁਲਦਮਨਰੂਪ ਸਿੰਘ ਖਾਲਸਾ ਦੀ ਅਗਵਾਈ ਹੇਠ ਹਲਕੇ ਦੇ ਸਮੂਹ ਸਰਕਲ ਇੰਚਾਰਜ਼ਾਂ ਦੀ ਇੱਕ ਅਹਿਮ ਮੀਟਿੰਗ ਹੋਈ।

ਖਡੂਰ ਸਾਹਿਬ, 1 ਸਤੰਬਰ (ਐਸ ਐਸ ਸੰਧਾ) ਅਕਾਲੀ ਦਲ ਵਾਰਿਸ ਪੰਜਾਬ ਦੇ ਦੇ ਹਲਕਾ ਖਡੂਰ ਸਾਹਿਬ ਤੋਂ ਇੰਚਾਰਜ਼ ਭਾਈ ਕੁਲਦਮਨਰੂਪ ਸਿੰਘ ਖਾਲਸਾ ਦੀ ਅਗਵਾਈ ਹੇਠ ਹਲਕੇ ਦੇ ਸਮੂਹ ਸਰਕਲ ਇੰਚਾਰਜ਼ਾਂ ਦੀ ਇੱਕ ਅਹਿਮ ਮੀਟਿੰਗ ਹੋਈ। ਮੀਟਿੰਗ ਦੌਰਾਨ ਪਾਰਟੀ ਦੀਆਂ ਗਤੀਵਿਧੀਆਂ, ਜਥੇਬੰਦਕ ਮਜ਼ਬੂਤੀ ਅਤੇ ਆਉਣ ਵਾਲੇ ਸਮੇਂ ਦੀਆਂ ਯੋਜਨਾਵਾਂ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ।ਮੀਟਿੰਗ ਦੀ ਸ਼ੁਰੂਆਤ ਮੌਕੇ ਭਾਈ ਕੁਲਦਮਨਰੂਪ ਸਿੰਘ ਖਾਲਸਾ ਨੇ ਬਾਬਾ ਬਕਾਲਾ ਸਾਹਿਬ ਵਿਖੇ ਹੋਈ ਪੰਥਕ ਕਾਨਫਰੰਸ ਵਿੱਚ ਹਲਕਾ ਖਡੂਰ ਸਾਹਿਬ ਵੱਲੋਂ ਦਿੱਤੇ ਗਏ ਭਰਵੇਂ ਸਹਿਯੋਗ ਅਤੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਲਈ ਸਮੂਹ ਸਰਕਲ ਇੰਚਾਰਜ਼ਾਂ ਅਤੇ ਵਰਕਰਾਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪਾਰਟੀ ਦੀਆਂ ਗਤੀਵਿਧੀਆਂ ਨੂੰ ਮਜ਼ਬੂਤ ਕਰਨ ਵਿੱਚ ਵਰਕਰਾਂ ਅਤੇ ਅਹੁਦੇਦਾਰਾਂ ਦਾ ਯੋਗਦਾਨ ਬੇਹੱਦ ਮਹੱਤਵਪੂਰਨ ਹੈ।ਇਸ ਮੌਕੇ ਹਲਕੇ ਦੇ ਵੱਖ-ਵੱਖ ਜੋਨਾਂ ਵਿੱਚ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ, ਨਵੇਂ ਸਾਥੀਆਂ ਨੂੰ ਪਾਰਟੀ ਨਾਲ ਜੋੜਨ ਅਤੇ ਪਾਰਟੀ ਦੀਆਂ ਨੀਤੀਆਂ ਤੇ ਵਿਚਾਰਧਾਰਾ ਨੂੰ ਘਰ-ਘਰ ਤੱਕ ਪਹੁੰਚਾਉਣ ਸਬੰਧੀ ਵਿਚਾਰ-ਚਰਚਾ ਕੀਤੀ ਗਈ। ਇਸ ਤੋਂ ਇਲਾਵਾ ਆਉਣ ਵਾਲੇ ਸਮੇਂ ਵਿੱਚ ਕੀਤੀਆਂ ਜਾਣ ਵਾਲੀਆਂ ਸਰਗਰਮੀਆਂ ਅਤੇ ਭਵਿੱਖੀ ਯੋਜਨਾਵਾਂ ਬਾਰੇ ਵੀ ਜੋਨ ਇੰਚਾਰਜ਼ਾਂ ਤੋਂ ਸੁਝਾਅ ਲਏ ਗਏ।ਭਾਈ ਕੁਲਦਮਨਰੂਪ ਸਿੰਘ ਖਾਲਸਾ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਨੂੰ ਹਲਕਾ ਖਡੂਰ ਸਾਹਿਬ ਵਿੱਚ ਹੋਰ ਮਜ਼ਬੂਤ ਕਰਨ ਲਈ ਸਮੂਹ ਅਹੁਦੇਦਾਰਾਂ ਅਤੇ ਵਰਕਰਾਂ ਨੂੰ ਇਕਜੁੱਟ ਹੋ ਕੇ ਮਿਹਨਤ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਪਾਰਟੀ ਦਾ ਮੁੱਖ ਉਦੇਸ਼ ਪੰਜਾਬ ਦੇ ਹਿੱਤਾਂ, ਨੌਜਵਾਨੀ ਦੀ ਬਿਹਤਰੀ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਉਜਾਗਰ ਕਰਦਿਆਂ ਇੱਕ ਮਜ਼ਬੂਤ ਜਥੇਬੰਦਕ ਢਾਂਚਾ ਖੜ੍ਹਾ ਕਰਨਾ ਹੈ।ਮੀਟਿੰਗ ਦੌਰਾਨ ਸਮੂਹ ਸਰਕਲ ਇੰਚਾਰਜ਼ਾਂ ਨੇ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਤੇਜ਼ ਕਰਨ ਅਤੇ ਹਲਕੇ ਵਿੱਚ ਪਾਰਟੀ ਦੇ ਵਿਸਥਾਰ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ ਦਾ ਭਰੋਸਾ ਦਿੱਤਾ।ਇਸ ਮੌਕੇ ਜਰਮਨ ਸਿੰਘ ਬਾਣੀਆਂ, ਗੁਰਮੀਤ ਸਿੰਘ ਜੌਹਲ ਢਾਏਵਾਲਾ, ਸੁਰਜੀਤ ਸਿੰਘ ਕੋਟ ਮੁਹੰਮਦ, ਦਰਬਾਰਾ ਸਿੰਘ ਮੋਹਣਪੁਰਾ, ਬਲਜਿੰਦਰ ਸਿੰਘ ਦੇਉ ਬਾਠ, ਰਣਜੀਤ ਸਿੰਘ ਰਾਣਾ ਗੋਇੰਦਵਾਲ ਸਾਹਿਬ, ਗੁਰਪ੍ਰੀਤ ਸਿੰਘ ਵਲੀਪੁਰ, ਡਾ. ਅਮਰਜੀਤ ਸਿੰਘ ਕੋਟ ਧਰਮਚੰਦ ਖੁਰਦ, ਅਜਮੇਰ ਸਿੰਘ ਚੰਬਾ ਕਲਾਂ, ਅਰਜਿੰਦਰ ਸਿੰਘ ਹੀਰਾ, ਦਲਜੀਤ ਸਿੰਘ ਨੰਬਰਦਾਰ, ਸੁਖਦੇਵ ਸਿੰਘ ਗੋਇੰਦਵਾਲ ਸਾਹਿਬ ਅਤੇ ਹੋਰ ਅਹੁਦੇਦਾਰ ਹਾਜ਼ਰ ਸਨ।

ਸਮਾਜ ਲਈ ਸ਼ਾਨਦਾਰ ਯੋਗਦਾਨ ਵਾਸਤੇ ਹਿਮਾਚਲ ਪ੍ਰਦੇਸ਼ ਦੇ ਰਾਜਪਾਲ ਵੱਲੋਂ ਸੁਰਿੰਦਰ ਵਰਮਾ ਸਨਮਾਨਿਤ

ਅੰਮ੍ਰਿਤਸਰ, 1 ਸਤੰਬਰ (ਪ ਪ) ਸਿਟੀਜ਼ਨ ਅਵੇਅਰਨੈੱਸ ਗਰੁੱਪ ਦੇ ਚੇਅਰਮੈਨ ਅਤੇ ਮਿਰਰ 365 ਤੇ ਚੰਡੀਗੜ੍ਹ ਟੁਡੇ ਦੇ ਐਡੀਟਰ-ਇਨ-ਚੀਫ਼ ਸ੍ਰੀ ਸੁਰਿੰਦਰ ਵਰਮਾ ਨੂੰ ਸਮਾਜ ਸੇਵਾ ਅਤੇ ਲੋਕ ਹਿੱਤ ਦੇ ਖੇਤਰ ਵਿੱਚ ਉਨ੍ਹਾਂ ਵੱਲੋਂ ਕੀਤੇ ਜਾ ਰਹੇ ਸ਼ਾਨਦਾਰ ਅਤੇ ਲਗਾਤਾਰ ਯਤਨਾਂ ਲਈ ਵੱਕਾਰੀ ਦਿਸ਼ਾ ਆਈਕਾਨਿਕ ਐਵਾਰਡ-2026 ਨਾਲ ਸਨਮਾਨਿਤ ਕੀਤਾ ਗਿਆ ਇਹ ਸਨਮਾਨ ਹਿਮਾਚਲ ਪ੍ਰਦੇਸ਼ ਦੇ ਮਾਣਯੋਗ ਰਾਜਪਾਲ ਸ੍ਰੀ ਕਵਿੰਦਰ ਗੁਪਤਾ ਅਤੇ ਸਾਬਕਾ ਸੰਸਦ ਮੈਂਬਰ ਸ੍ਰੀ ਅਵਿਨਾਸ਼ ਰਾਏ ਖੰਨਾ ਵੱਲੋਂ ਮੋਹਾਲੀ ਸਥਿਤ ਹੋਟਲ ਰੈਡਿਸਨ ਰੈੱਡ ਵਿਖੇ ਕਰਵਾਏ ਗਏ ਵਿਸ਼ੇਸ਼ ਸਮਾਗਮ ਦੌਰਾਨ ਪ੍ਰਦਾਨ ਕੀਤਾ ਗਿਆ ਸ੍ਰੀ ਸੁਰਿੰਦਰ ਵਰਮਾ ਵੱਲੋਂ ਲੰਬੇ ਸਮੇਂ ਤੋਂ ਸਮਾਜਿਕ ਮੁੱਦਿਆਂ ਪ੍ਰਤੀ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨ, ਜਨਹਿੱਤ ਨਾਲ ਜੁੜੇ ਮਾਮਲਿਆਂ ਨੂੰ ਉਜਾਗਰ ਕਰਨ ਅਤੇ ਲੋਕਾਂ ਨੂੰ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣ ਲਈ ਪ੍ਰੇਰਿਤ ਕਰਨ ਵਾਸਤੇ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ। ਸਿਟੀਜ਼ਨ ਅਵੇਅਰਨੈੱਸ ਗਰੁੱਪ ਦੇ ਮੰਚ ਰਾਹੀਂ ਉਨ੍ਹਾਂ ਨੇ ਵੱਖ-ਵੱਖ ਸਮਾਜਿਕ ਮੁੱਦਿਆਂ ਨੂੰ ਲੋਕਾਂ ਤੱਕ ਪਹੁੰਚਾਉਣ ਅਤੇ ਭਾਈਚਾਰੇ ਵਿੱਚ ਜਾਗਰੂਕਤਾ ਵਧਾਉਣ ਲਈ ਕਈ ਪਹਿਲਕਦਮੀਆਂ ਕੀਤੀਆਂ ਹਨ।

ਮੀਡੀਆ ਨਾਲ ਆਪਣੀ ਲੰਬੀ ਸਾਂਝ ਰਾਹੀਂ ਵੀ ਸ੍ਰੀ ਵਰਮਾ ਨੇ ਲੋਕ ਹਿੱਤ ਨਾਲ ਜੁੜੇ ਮੁੱਦਿਆਂ ਨੂੰ ਪ੍ਰਮੁੱਖਤਾ ਨਾਲ ਉਠਾਉਣ, ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਮਜ਼ਬੂਤ ਕਰਨ ਅਤੇ ਆਮ ਲੋਕਾਂ ਦੀ ਆਵਾਜ਼ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਸਾਹਮਣੇ ਲਿਆਉਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ।

ਐਵਾਰਡ ਪ੍ਰਦਾਨ ਕਰਦਿਆਂ ਮਾਣਯੋਗ ਰਾਜਪਾਲ ਸ੍ਰੀ ਕਵਿੰਦਰ ਗੁਪਤਾ ਅਤੇ ਸ੍ਰੀ ਅਵਿਨਾਸ਼ ਰਾਏ ਖੰਨਾ ਨੇ ਸ੍ਰੀ ਸੁਰਿੰਦਰ ਵਰਮਾ ਦੇ ਸਮਾਜ ਸੇਵਾ ਪ੍ਰਤੀ ਸਮਰਪਣ ਅਤੇ ਜਨਹਿੱਤ ਦੇ ਕੰਮਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਸਮਾਜ ਦੀ ਬਿਹਤਰੀ ਲਈ ਨਿਰੰਤਰ ਕੰਮ ਕਰਨ ਵਾਲੀਆਂ ਸ਼ਖ਼ਸੀਅਤਾਂ ਦਾ ਸਨਮਾਨ ਹੋਰ ਲੋਕਾਂ ਨੂੰ ਵੀ ਸਮਾਜਿਕ ਜ਼ਿੰਮੇਵਾਰੀਆਂ ਨਿਭਾਉਣ ਲਈ ਪ੍ਰੇਰਿਤ ਕਰਦਾ ਹੈ।

ਸਨਮਾਨ ਪ੍ਰਾਪਤ ਕਰਨ ਉਪਰੰਤ ਸ੍ਰੀ ਸੁਰਿੰਦਰ ਵਰਮਾ ਨੇ ਦਿਸ਼ਾ ਆਈਕਾਨਿਕ ਐਵਾਰਡ-2026 ਦੇ ਪ੍ਰਬੰਧਕਾਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹ ਸਨਮਾਨ ਉਨ੍ਹਾਂ ਲਈ ਸਿਰਫ਼ ਨਿੱਜੀ ਉਪਲਬਧੀ ਨਹੀਂ, ਸਗੋਂ ਸਮਾਜ ਸੇਵਾ ਅਤੇ ਲੋਕ ਜਾਗਰੂਕਤਾ ਦੇ ਕੰਮਾਂ ਨੂੰ ਹੋਰ ਵਧੇਰੇ ਸਮਰਪਣ ਅਤੇ ਜ਼ਿੰਮੇਵਾਰੀ ਨਾਲ ਜਾਰੀ ਰੱਖਣ ਲਈ ਇੱਕ ਵੱਡੀ ਪ੍ਰੇਰਣਾ ਹੈ।ਉਨ੍ਹਾਂ ਕਿਹਾ ਕਿ ਸਮਾਜ ਸੇਵਾ ਕਿਸੇ ਇੱਕ ਵਿਅਕਤੀ ਦੀ ਜ਼ਿੰਮੇਵਾਰੀ ਨਹੀਂ ਹੈ, ਬਲਕਿ ਇਹ ਸਾਂਝੀ ਜ਼ਿੰਮੇਵਾਰੀ ਹੈ। ਜੇਕਰ ਸਮਾਜ ਦੇ ਵੱਖ-ਵੱਖ ਵਰਗ, ਸੰਸਥਾਵਾਂ, ਮੀਡੀਆ ਅਤੇ ਜ਼ਿੰਮੇਵਾਰ ਨਾਗਰਿਕ ਇਕੱਠੇ ਹੋ ਕੇ ਕੰਮ ਕਰਨ ਤਾਂ ਸਮਾਜ ਵਿੱਚ ਸਕਾਰਾਤਮਕ ਅਤੇ ਸਥਾਈ ਬਦਲਾਅ ਲਿਆਂਦਾ ਜਾ ਸਕਦਾ ਹੈ।

FT ਹੱਕ ਸੱਚ ਦੀ ਆਵਾਜ਼ ਫਤਿਹ ਟਾਈਮਜ਼ CHANNEL

ਮਿਆਰੀ ਖਬਰਾਂ ਦੇਖਣ ਲਈ fatehtimes channel ਨੂੰ ਜਰੂਰ ਸਬਸਕਰਾਈਬ ਕਰੋ।

ਫਤਿਹ ਟਾਈਮਜ਼ ਚੈਂਨਲ ਤੇ ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ ਮੋ; 99885-37575